SWITCH INSURANCE
AUTO, HOME & COMMERCIAL
Auto&Home Insurance
Commercial Vehicle Insurance
Commercial Property Insurance
Commercial General Liability (CGL)
Rental Property
Call:905-965-7474
7900 Hurontario St., Suite 308, Brampton, ON, L6Y 0P6
https://www.switchinsurance.ca

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
Immigration
Real Estate
Commercial Law
Affidavit
Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit punjabipost.ca/epaper | Vol 21* Issue 235 | Thursday, December 08, 2022 | Tel: 905-793-2202 | Fax: 905-793-2282 | news@punjabipost.ca   ਤੁਸੀਂ 'ਪੰਜਾਬੀ ਪੋਸਟ' Onlineਰੋਜ਼ਾਨਾ ਪੜ੍ਹ ਸਕਦੇ ਹੋ

## ਸ਼ੁੱਕਰਵਾਰ ਤੱਕ ਜੀਟੀਏ ਵਿੱਚ ਹੋਰ ਡਿੱਗਣਗੀਆਂ ਗੈਸ ਦੀਆਂ ਕੀਮਤਾਂ



ਟੋਰਾਂਟੋ, 7 ਦਸੰਬਰ (ਪੋਸਟ ਬਿਊਰੋ) : ਸਸਤੀ ਗੈਸ ਭਰਵਾਉਣ ਦੀ ਉਡੀਕ ਕਰ ਰਹੇ ਡਰਾਈਵਰਾਂ ਦੀ ਉਡੀਕ ਇਸ ਹਫਤੇ ਦੇ ਅਖੀਰ ਤੱਕ ਮੁੱਕਣ ਵਾਲੀ ਹੈ।

ਕੈਨੇਡੀਅਨਜ਼ ਫੌਰ ਅਫੋਰਡੇਬਲ ਐਨਰਜੀ ਦੇ ਪ੍ਰੈਜ਼ੀਡੈਂਟ ਡੈਨ ਮੈਕਟੀਗ ਅਨੁਸਾਰ ਗ੍ਰੇਟਰ ਟੋਰਾਂਟੋ ਏਰੀਆ ਵਿੱਚ ਗੈਸੋਲੀਨ ਦੀਆਂ ਕੀਮਤਾਂ ਇੱਕ ਵਾਰੀ ਫਿਰ ਇਸ ਸਾਲ ਸੱਭ ਤੋਂ ਹੇਠਲੇ ਪੱਧਰ ਉੱਤੇ ਜਾਣ ਵਾਲੀਆਂ ਹਨ। ਬੁੱਧਵਾਰ ਨੂੰ 2022 ਵਿੱਚ ਪ੍ਰਤੀ ਲੀਟਰ ਗੈਸ ਦੀ ਕੀਮਤ 140.9 ਸੈਂਟ ਤੱਕ ਚਲੀ ਗਈ। ਵੀਰਵਾਰ ਨੂੰ ਗੈਸ ਦੀਆਂ ਕੀਮਤਾਂ ਵਿੱਚ ਦੋ ਸੈਂਟ ਦੀ ਹੋਰ ਕਮੀ ਆਉਣ ਵਾਲੀ ਹੈ ਤੇ ਇਹ 138.9 ਡਾਲਰ ਤੱਕ ਜਾਣ ਦੀ ਸੰਭਾਵਨਾ ਹੈ। ਸ਼ੁੱਕਰਵਾਰ ਨੂੰ ਗੈਸ ਦੀਆਂ ਕੀਮਤਾਂ ਵਿੱਚ ਤਿੰਨ ਸੈਂਟ ਦੀ ਗਿਰਾਵਟ ਹੋਰ ਆ ਸਕਦੀ ਹੈ ਤੇ ਗੈਸ ਦੀ ਔਸਤ ਕੀਮਤ 13.9 ਸੈਂਟ ਪ੍ਰਤੀ ਲੀਟਰ ਤੱਕ ਪਹੁੰਚ ਸਕਦੀ ਹੈ। ਮੈਕਟੀਗ ਨੇ ਆਖਿਆ ਕਿ ਆਖਰੀ ਵਾਰੀ 9 ਦਸੰਬਰ, 2021 ਨੂੰ ਗੈਸ ਦੀਆਂ ਕੀਮਤਾਂ ਐਨੀਆਂ ਘੱਟ ਪਾਈਆਂ ਗਈਆਂ ਸਨ।

## ਗੈਸ ਸਟੇਸ਼ਨ ਉੱਤੇ ਕਤਲ ਕੀਤੀ ਗਈ ਪੰਜਾਬੀ ਕੁੜੀ ਦੇ ਮਾਪਿਆਂ ਨੇ ਕੀਤੀ ਇਨਸਾਫ ਦੀ ਮੰਗ



ਮਿਸੀਸਾਗਾ, 7 ਦਸੰਬਰ (ਪੋਸਟ ਬਿਊਰੋ) : ਸ਼ਨਿੱਚਰਵਾਰ ਨੂੰ ਮਿਸੀਸਾਗਾ ਦੇ ਗੈਸ ਸਟੇਸ਼ਨ ਉੱਤੇ ਜਿਸ 21 ਸਾਲਾ ਪੰਜਾਬੀ ਲੜਕੀ ਦਾ ਗੋਲੀਆਂ ਮਾਰ ਕੇ ਕਤਲ ਕੀਤਾ ਗਿਆ ਉਸ ਦੇ ਪੰਜਾਬ ਸਥਿਤ ਮਾਪਿਆਂ ਦਾ ਕਹਿਣਾ ਹੈ ਕਿ ਟੀਨੇਜਰ ਵਜੋਂ ਆਪਣੀ ਲੜਕੀ ਨੂੰ ਸਟੂਡੈਂਟ ਵੀਜ਼ਾ ਉੱਤੇ ਕੈਨੇਡਾ ਭੇਜਣ ਦਾ ਉਨ੍ਹਾਂ ਨੂੰ ਬਹੁਤ ਅਫਸੋਸ ਹੈ।

ਉਨ੍ਹਾਂ ਆਖਿਆ ਕਿ ਆਪਣੀ ਬੇਟੀ ਪਵਨਪ੍ਰੀਤ ਕੌਰ ਨੂੰ ਬਿਹਤਰ ਜ਼ਿੰਦਗੀ ਤੇ ਨਵੇਂ ਮੌਕੇ ਦੇਣ ਦੇ ਜਿਹੜੇ ਸੁਪਨੇ ਉਨ੍ਹਾਂ ਵੇਖੇ ਸਨ ਉਹ ਕ੍ਰੈਡਿਟਵਿਊ ਤੇ ਬ੍ਰਿਟੇਨੀਆ ਰੋਡਜ਼ ਉੱਤੇ ਸਥਿਤ ਪੈਟਰੋ ਕੈਨੇਡਾ ਸਟੇਸ਼ਨ ਉੱਤੇ ਉਸ ਨੂੰ ਮਾਰੇ ਜਾਣ ਨਾਲ ਬੁਰੀ ਤਰ੍ਹਾਂ ਟੁੱਟ ਗਏ ਹਨ। ਪੁਲਿਸ ਨੇ ਦੱਸਿਆ ਕਿ ਪਵਨਪ੍ਰੀਤ ਗੈਸ ਸਟੇਸ਼ਨ ਉੱਤੇ ਰਾਤ ਦੀ ਸ਼ਿਫਟ ਵਿੱਚ ਕੰਮ ਕਰ ਰਹੀ ਸੀ ਜਦੋਂ ਇਹ ਘਟਨਾ ਵਾਪਰੀ।ਮੀਡੀਆ ਨਾਲ ਗੱਲ ਕਰਦਿਆਂ ਪਵਨਪ੍ਰੀਤ ਦੀ ਮਾਂ ਜਸਵੀਰ ਕੌਰ ਨੇ ਆਖਿਆ ਕਿ ਸਾਨੂੰ ਕਦੇ ਵੀ ਆਪਣੀ ਬੱਚੀ ਨੂੰ ਪੜ੍ਹਾਈ ਲਈ ਕੈਨੇਡਾ ਨਹੀਂ ਸੀ ਭੇਜਣਾ ਚਾਹੀਦਾ ਸਗੋਂ ਆਪਣੇ ਕੋਲ ਹੀ ਰੱਖਣਾ ਚਾਹੀਦਾ ਸੀ। ਉਸ ਦੇ ਪਿਤਾ ਦਵਿੰਦਰ ਸਿੰਘ ਨੇ ਆਖਿਆ ਕਿ ਉਨ੍ਹਾਂ ਇਹ ਆਸ ਕੀਤੀ ਸੀ ਕਿ ਉਨ੍ਹਾਂ ਦੀ ਬੱਚੀ ਮਿਆਰੀ ਸਿੱਖਿਆ ਹਾਸਲ ਕਰ ਸਕੇਗੀ ਤੇ ਆਪਣੇ ਹੋਰਨਾਂ ਪਰਿਵਾਰਕ ਮੈਂਬਰਾਂ ਨੂੰ ਵੀ ਆਪਣੇ ਨਾਲ ਲਿਜਾ ਸਕੇਗੀ। ਜਦੋਂ ਉਹ 18 ਸਾਲ ਦੀ ਸੀ ਤਾਂ ਉਦੋਂ ਹੀ ਉਨ੍ਹਾਂ ਉਸ ਨੂੰ ਕੈਨੇਡਾ ਭੇਜ ਦਿੱਤਾ ਸੀ ਤੇ ਇਸ ਗੱਲ ਦਾ ਉਨ੍ਹਾਂ ਨੂੰ ਹੁਣ ਬਹੁਤ ਪਛਤਾਵਾ ਹੈ।ਪਵਨਪ੍ਰੀਤ ਦੀ ਮਾਂ ਨੇ ਦੱਸਿਆ ਕਿ ਪਹਿਲਾਂ ਪੁਲਿਸ ਨੇ ਬਰੈਂਪਟਨ ਸਥਿਤ ਉਨ੍ਹਾਂ ਦੇ ਰਿਸ਼ਤੇਦਾਰਾਂ ਨੂੰ ਉਸ ਦੀ ਮੌਤ ਦੀ ਖਬਰ ਦਿੱਤੀ ਤੇ ਫਿਰ ਪੰਜਾਬ ਵਿੱਚ ਉਨ੍ਹਾਂ ਨੂੰ ਇਹ ਖਬਰ ਮਿਲੀ। ਪਵਨਪ੍ਰੀਤ ਦੇ ਮਾਪਿਆਂ ਨੇ ਜਲਦ ਤੋਂ ਜਲਦ ਇਨਸਾਫ ਦਿਵਾਉਣ ਦੀ ਮੰਗ ਵੀ ਕੀਤੀ।

ਇਸ ਦੌਰਾਨ ਪੁਲਿਸ ਨੇ ਦੱਸਿਆ ਕਿ ਮਸ਼ਕੂਕ ਨੂੰ ਪੈਦਲ ਜਾਂਦਿਆਂ ਤੇ ਫਿਰ ਬਾਈਸਾਈਕਲ ਉੱਤੇ ਜਾਂਦਿਆਂ ਵੇਖਿਆ ਗਿਆ ਸੀ। ਪੁਲਿਸ ਵੱਲੋਂ ਬਾਈਸਾਈਕਲ ਦੀ ਫੋਟੋ ਵੀ ਜਾਰੀ ਕੀਤੀ ਗਈ ਹੈ। ਇਹ ਸਾਈਕਲ ਪੁਲਿਸ ਨੇ ਬਰਾਮਦ ਕਰ ਲਈ ਹੈ ਪਰ ਪੁਲਿਸ ਦਾ ਕਹਿਣਾ ਹੈ ਕਿ ਇਹ ਵੀ ਚੋਰੀ ਕੀਤੀ ਗਈ ਹੋ ਸਕਦੀ ਹੈ। ਇਹ ਨਾਭੀ ਰੰਗ ਦੀ ਸਪੋਰਟੈਕ ਰਿੱਜਰਨਰ ਹੈ ਜੋ ਕਿ ਇੱਕ ਮਾਊਨਟੇਨ ਬਾਈਕ ਹੈ। ਪੁਲਿਸ ਨੇ ਇਸ ਤਰ੍ਹਾਂ ਦੀ ਬਾਈਸਾਈਕਲ ਬਾਰੇ ਜਨਤਾ ਨੂੰ ਆਖਿਆ ਹੈ ਕਿ ਜੇ ਇਹ ਚੋਰੀ ਹੋਈ ਹੈ ਤਾਂ ਉਨ੍ਹਾਂ ਨਾਲ ਸੰਪਰਕ ਕੀਤਾ ਜਾਵੇ।ਸੋਮਵਾਰ ਰਾਤ ਨੂੰ ਪੁਲਿਸ ਨੇ ਮਸ਼ਕੂਕ ਦੇ ਸਬੰਧ ਵਿੱਚ ਹੋਰ ਵੇਰਵੇ ਵੀ ਸਾਂਝੇ ਕੀਤੇ।

ਪੁਲਿਸ ਨੇ ਦੱਸਿਆ ਕਿ ਮਸ਼ਕੂਕ ਨੇ ਲੰਮੀਂ ਸਿਆਲਾਂ ਵਾਲੀ ਜੈਕੇਟ ਪਾਈ ਹੋਈ ਸੀ, ਜਿਸ ਦੇ ਹੁੱਡ ਵੀ ਸੀ, ਉਸ ਨੇ ਕਾਲੇ ਰੰਗ ਦੇ ਸਿਆਲਾਂ ਵਾਲੇ ਬੂਟ ਪਾਏ ਹੋਏ ਸਨ, ਕਾਲੀ ਪੈਂਟ, ਕਾਲੀ ਹੈਟ ਤੇ ਚਿੱਟੇ ਗਲਵਜ਼ ਪਾਏ ਹੋਏ ਸਨ।ਇਹ ਵੀ ਲੱਗ ਰਿਹਾ ਸੀ ਕਿ ਮਸ਼ਕੂਕ ਸਿਗਰਟ ਪੀ ਰਿਹਾ ਸੀ। ਮਸ਼ਕੂਕ ਨੇ ਬਹੁਤ ਨੇੜਿਓਂ ਪਵਨਪ੍ਰੀਤ ਉੱਤੇ ਗੋਲੀ ਚਲਾਉਣ ਤੱਕ ਹੁੱਡ ਸਿਰ ਉੱਤੇ ਨਹੀਂ ਲਿਆ ਹੋਇਆ ਸੀ।ਪੁਲਿਸ ਨੇ ਦੱਸਿਆ ਕਿ ਗੋਲੀ ਚਲਾਉਣ ਤੋਂ ਬਾਅਦ ਮਸ਼ਕੂਕ ਪੱਛਮ ਵੱਲ ਕ੍ਰੈਡਿਟਵਿਊ ਰੋਡ ਵੱਲ ਭੱਜ ਗਿਆ ਤੇ ਫਿਰ ਬ੍ਰਿਟੇਨੀਆ ਰੋਡ ਉੱਤੇ ਤੇ ਫਿਰ ਕ੍ਰੈਮਗ੍ਰੀਨ ਸਰਕਲ ਵੱਲ ਚਲਾ ਗਿਆ। ਪੁਲਿਸ ਨੇ ਆਖਿਆ ਕਿ ਉਹ ਮੰਨ ਕੇ ਚੱਲ ਰਹੇ ਹਨ ਕਿ ਇਹ ਕਤਲ ਪਵਨਪ੍ਰੀਤ ਨੂੰ ਨਿਸ਼ਾਨਾ ਬਣਾ ਕੇ ਹੀ ਕੀਤਾ ਗਿਆ ਪਰ ਇਸ ਪਿੱਛੇ ਕਾਰਨ ਕੀ ਸੀ ਇਸ ਦੀ ਉਹ ਭਾਲ ਕਰ ਰਹੇ ਹਨ।

## ਹਾਊਸਿੰਗ ਲਾਅ ਦੀ ਆਲੋਚਨਾ ਕਰਨ ਵਾਲਿਆਂ ਨੂੰ ਫੋਰਡ ਨੇ ਰਲ ਕੇ ਚੱਲਣ ਦੀ ਕੀਤੀ ਹਦਾਇਤ



ਓਨਟਾਰੀਓ, 7 ਦਸੰਬਰ (ਪੋਸਟ ਬਿਊਰੋ) : ਨਵੇਂ ਹਾਊਸਿੰਗ ਕਾਨੂੰਨ ਖਿਲਾਫ ਆਵਾਜ਼ ਉਠਾਉਣ ਵਾਲੀ ਮਿਸੀਸਾਗਾ ਦੀ ਮੇਅਰ ਤੇ ਹੋਰਨਾਂ ਮਿਊਂਸਪਲ ਆਗੂਆਂ ਨੂੰ ਓਨਟਾਰੀਓ ਦੇ ਪ੍ਰੀਮੀਅਰ ਡੱਗ ਫੋਰਡ ਨੇ ਸ਼ਿਕਾਇਤਾਂ ਕਰਨਾ ਛੱਡ ਕੇ ਉਨ੍ਹਾਂ ਦਾ ਸਾਥ ਦੇਣ ਲਈ ਆਖਿਆ ਹੈ।

ਬਰੈਂਪਟਨ ਵਿੱਚ ਇੱਕ ਐਲਾਨ ਸਮੇਂ ਫੋਰਡ ਨੇ ਆਪਣੇ ਹਾਊਸਿੰਗ ਪਲੈਨ ਦਾ ਵਿਰੋਧ ਕਰਨ ਵਾਲੀ ਮਿਸੀਸਾਗਾ ਦੀ ਮੇਅਰ ਬੌਨੀ ਕ੍ਰੌਂਬੀ ਨੂੰ ਲੰਮੇਂ ਹੱਥੀਂ ਲੈਂਦਿਆਂ ਆਖਿਆ ਕਿ ਉਨ੍ਹਾਂ ਨੂੰ ਸਮਝ ਨਹੀਂ ਆ ਰਿਹਾ ਕਿ ਐਨੀਆਂ ਸ਼ਿਕਾਇਤਾਂ ਕਿਸ ਲਈ ਕੀਤੀਆਂ ਜਾ ਰਹੀਆਂ ਹਨ। ਸਾਡਾ ਬਹੁਤ ਹੀ ਤਾਂਘਵਾਨ ਟੀਚਾ ਹੈ। ਉਨ੍ਹਾਂ ਆਖਿਆ ਕਿ ਉਹ ਮਿਸੀਸਾਗਾ ਨੂੰ ਆਪਣੀ ਮਿਸਾਲ ਵਜੋਂ ਵਰਤਣਾ ਚਾਹੁੰਦੇ ਹਨ। ਮਿਸੀਸਾਗਾ ਵਿੱਚ ਅਗਲੇ ਦਸ ਸਾਲਾਂ ਵਿੱਚ 120,000 ਘਰਾਂ ਦਾ ਨਿਰਮਾਣ ਕੀਤਾ ਜਾ ਰਿਹਾ ਹੈ। ਜੋ ਕਿ ਸਾਲਾਨਾ 2,100 ਦੇ ਔਸਤ ਟੀਚੇ ਨਾਲੋਂ 12,000 ਘਰ ਵੱਧ ਹੈ।

ਜ਼ਿਕਰਯੋਗ ਹੈ ਕਿ ਕ੍ਰੌਂਬੀ ਤੇ ਕਈ ਹੋਰਨਾਂ ਮੇਅਰਜ਼ ਵੱਲੋਂ ਇਹ ਸ਼ਿਕਾਇਤ ਕੀਤੀ ਜਾ ਰਹੀ ਹੈ ਕਿ ਓਨਟਾਰੀਓ ਦੇ ਇਸ ਨਵੇਂ ਕਾਨੂੰਨ ਕਾਰਨ ਮਿਊਂਸਪੈਲਿਟੀਜ਼ ਨੂੰ ਇਨਫਰਾਸਟ੍ਰਕਚਰ ਦੀ ਲਾਗਤ ਕੱਢਣ ਲਈ ਪ੍ਰਾਪਰਟੀ ਟੈਕਸ ਵਿੱਚ ਵਾਧਾ ਕਰਨਾ ਹੋਵੇਗਾ। ਇਸ ਉੱਤੇ ਮਿਊਂਸਪਲ ਅਫੇਅਰਜ਼ ਐਂਡ ਹਾਊਸਿੰਗ ਮੰਤਰੀ ਸਟੀਵ ਕਲਾਰਕ ਨੇ ਆਖਿਆ ਕਿ ਉਹ ਚੋਣਵੀਆਂ ਮਿਊਂਸਪੈਲਿਟੀਜ਼ ਦਾ ਥਰਡ ਪਾਰਟੀ ਤੋਂ ਆਡਿਟ ਕਰਵਾਉਣਗੇ ਤੇ ਇਹ ਪਤਾ ਲਾਉਣ ਦੀ ਕੋਸ਼ਿਸ਼ ਕਰਨਗੇ ਕਿ ਸੱਚਮੁੱਚ ਹੀ ਇਸ ਕਾਨੂੰਨ ਕਾਰਨ ਕੋਈ ਦਿੱਕਤ ਆ ਰਹੀ ਹੈ।

ਇਸ ਦੌਰਾਨ ਫੋਰਡ ਨੇ ਆਖਿਆ ਕਿ ਮਿਸੀਸਾਗਾ ਕੋਲ ਪਹਿਲਾਂ ਹੀ ਵਿਕਾਸ ਲਈ ਕਈ ਮਿਲੀਅਨ ਡਾਲਰ ਰਾਖਵੇਂ ਪਏ ਹਨ।ਉਨ੍ਹਾਂ ਆਖਿਆ ਕਿ ਖਾਹਮਖਾਹ ਦੀਆਂ ਸ਼ਿਕਾਇਤਾਂ ਛੱਡ ਕੇ ਕ੍ਰੌਂਬੀ ਤੇ ਹੋਰਨਾਂ ਮੇਅਰਜ਼ ਨੂੰ ਉਨ੍ਹਾਂ ਦਾ ਸਾਥ ਦੇਣਾ ਚਾਹੀਦਾ ਹੈ।ਕ੍ਰੌਂਬੀ ਦੇ ਆਫਿਸ ਵੱਲੋਂ ਇਸ ਟਿੱਪਣੀ ਦਾ ਕੋਈ ਜਵਾਬ ਨਹੀਂ ਦਿੱਤਾ ਗਿਆ ਜਦਕਿ ਉਨ੍ਹਾਂ ਦੇ ਬੁਲਾਰੇ ਨੇ ਆਖਿਆ ਕਿ ਉਹ ਇਸ ਬਾਰੇ ਬਾਅਦ ਵਿੱਚ ਪ੍ਰਤੀਕਿਰਿਆ ਦੇਵੇਗੀ।

## ਓਕਵਿੱਲ ਦੇ ਹਾਈ ਸਕੂਲ ਵਿੱਚ ਹੋਈ ਲੜਾਈ, ਤਿੰਨ ਜ਼ਖ਼ਮੀ



ਓਕਵਿੱਲ, 7 ਦਸੰਬਰ (ਪੋਸਟ ਬਿਊਰੋ) : ਬੁੱਧਵਾਰ ਨੂੰ ਟੋਰਾਂਟੋ ਦੇ ਇੱਕ ਸਕੂਲ ਵਿੱਚ ਹੋਈ ਲੜਾਈ ਕਾਰਨ ਤਿੰਨ ਵਿਅਕਤੀਆਂ ਨੂੰ ਹਸਪਤਾਲ ਲਿਜਾਇਆ ਗਿਆ। ਇਸ ਦੀ ਪੁਸ਼ਟੀ ਪੁਲਿਸ ਅਧਿਕਾਰੀਆਂ ਵੱਲੋਂ ਕੀਤੀ ਗਈ।

ਹਾਲਟਨ ਰੀਜਨਲ ਪੁਲਿਸ ਵੱਲੋਂ ਬੁੱਧਵਾਰ ਨੂੰ ਜਾਰੀ ਕੀਤੀ ਗਈ ਰਲੀਜ਼ ਅਨੁਸਾਰ ਓਕਵਿੱਲ, ਓਨਟਾਰੀਓ ਵਿੱਚ ਵੈਸਟ ਓਕ ਟਰੇਲਜ਼ ਬੁਲੇਵਾਰਡ ਉੱਤੇ ਸਥਿਤ ਗਾਰਥ ਵੈੱਬ ਪਬਲਿਕ ਸਕੂਲ ਵਿੱਚ ਦੁਪਹਿਰੇ 4:00 ਵਜੇ ਲੜਾਈ ਹੋ ਗਈ।ਬਿਆਨ ਵਿੱਚ ਆਖਿਆ ਗਿਆ ਕਿ ਮੌਕੇ ਉੱਤੇ ਪਹੁੰਚੇ ਪੁਲਿਸ ਅਧਿਕਾਰੀਆਂ ਨੇ ਤਿੰਨ ਵਿਅਕਤੀਆਂ ਨੂੰ ਜ਼ਖ਼ਮੀ ਹਾਲਤ ਵਿੱਚ ਪਾਇਆ। ਤਿੰਨਾਂ ਵਿਅਕਤੀਆਂ ਨੂੰ ਇਲਾਜ ਲਈ ਹਸਪਤਾਲ ਲਿਜਾਇਆ ਗਿਆ।

ਪੁਲਿਸ ਨੇ ਦੱਸਿਆ ਕਿ ਦੋ ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਗਿਆ ਹੈ। ਪੁਲਿਸ ਇਹ ਨਹੀਂ ਦੱਸ ਪਾਈ ਕਿ ਜਿਨ੍ਹਾਂ ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਗਿਆ ਹੈ ਉਹ ਸਬੰਧਤ ਸਕੂਲ ਦੇ ਵਿਦਿਆਰਥੀ ਹਨ ਜਾਂ ਨਹੀਂ। ਸਕੂਲ ਨੂੰ ਲਾਕਡਾਊਨ ਵੀ ਕਰ ਦਿੱਤਾ ਗਿਆ, ਪਰ ਬਾਅਦ ਵਿੱਚ ਸਕੂਲ ਨੂੰ ਖੋਲ੍ਹ ਦਿੱਤਾ ਗਿਆ। ਪੁਲਿਸ ਨੇ ਦੱਸਿਆ ਕਿ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।

AUTO & HOME INSURANCE
Super visa Insurance
Life & Disability
Critical illness
RESP
Visitor & Travel insurance
(416-845-1352)
Manwinder Mangat Broker
Aaxel InsuranceBrokers Ltd. | 1332 Khalsa Dr, Unit # 11, Mississauga, ON L5S 0A2

NOW HIRING !!!
ALLKIND INSURANCE
•Life Insurance •Super Visa Insurance
•Critical illness Ins •Mortgage Insurance
•Travel & Visitor Ins •Disability Insurance
•RESP & TFSA & RRSP •Funeral Insurance
SIMRAN SAINI
416.994.7272
www.allkindinsurance.com

SUPER VISA INSURANCE EXPERTS
7003 Steeles Ave. W, Unit 10, Etobicoke, ON, M9W 0A2
gill@punjabinsurance.ca | topinsuranceservices.ca
Punjab Insurance Inc
RANJIT GILL
Insurance Advisor
416-724-5000
Disability Insurance
Mortgage Insurance
Life Insurance
Visitor & Travel Insurance
RESP(Education Plan)
Critical Illness Insurance

GURBIR CHAHAL
Sales Representative
416.566.7605
gurbir.chahal@yahoo.com
ROYAL LEPAGE Flower City Realty Off: 905.230.3100

INSURANCE
Home Auto
Business Trucking
Life Insurance Commercial
647-206-2452
Sukhwinder K Singh
CONNEX 7050A Bramalea Rd, Unit # 13, Mississauga, ON L5S 1T1

PEST PROBLEM ?
Residential & Commercial
All Pest Control
100% Customer Satisfaction
MICE, COCKROACH, BEDBUG & ALL COMMON BUGS
AFFORDABLE & RELIABLE
647.990.3205
KSG Pest Control Inc.
Residential, Commercial
www.ksgpestcontrol.ca
ksgpestcontrol@gmail.com
Amarjeet Singh Gill
Certified & Licenced Exterminator

HOME APPLIANCES STORE
ANNIVERSARY SPECIAL DEAL
UPGRADE LAUNDRY IN JUST $99*
PRICE $5199* NO TAX
KitchenAid moffat MAYTAG LG SAMSUNG Electrolux JENNAIR BOSCH Whirlpool
416-551-5553
WWW.OURRHOMEAPPLIANCES.COM

HELPING YOU PLAN TODAY...FOR TOMORROW
Supervisa / Visitor Insurance
Life /Mortgage/Funeral Insurance
Disability Insurance
Critical Illness Insurance
RESP /RRSP
www.ufsinsurance.com
JATINDERBIR S BAJWA
Insurance Broker
Dir:647-928-4990
# 25-831 Bovarid Dr. W. Brampton, ON L6X0T9 | www.ufsinsurance.com

PROTECT YOUR HOME FROM PESTS
Pest Control
100% Success rate for bed bug Treatment
Low Rates/Excellent Pest Control Services
Free Home Inspection Call Today
Ranjit Sidhu
Certified & Licenced Exterminator
BED BUG MATTRESS COVER ALSO AVAILABLE
A-Z Pest Control Inc.
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

Law Office of Aman Sharma
-Real Estate -Commercial Lease
-Business Purchase & Sale
-Notarizations & Affidavits
-Wills & Power Of Attorney
Fax: 905-913-2344 Tel: 905-913-2355
Aman Sharma
25 Cherrycrest Drive, Unit # 6
Brampton, ON, L6P 3W4
Open Saturday
Providing excellent quality legal services to our clients

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
• ਪਾਵਰ ਆਫ ਸੇਲ ਨੋਟਿਸ ?
• ਗਾਰਨਿਸ਼ਮੈਂਟ?
• ਬੈਂਕ ਵਲੋਂ ਪੈਸੇ ਦੀ ਮੰਗ ?
• ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ
ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ,
ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends Appointments Available 1888 864 3131
Jasbir Singh Hundal
Qualified Credit Counsellor
www.MakeMeDebtFree.ca 416-502-3100 Unit #20 - 7015 Tranmere Drive Mississauga, ON L5S 1T7

CN Forklift Training Center
Counterbalance All Types | Walkie pallet Low Lift | Electric Motor Narrow Aisle Reach | Cherry Order Picker
License $69 Toll Free: 1 855 230 0001
7033 Telford Way, Unit #4, Mississauga, ON L5S 1V4
When You Need Re certified License & Training First Call to us
Cell: 416 726 6206 Tel: 905 405 0001
NC Dhawan Certified Instructor

KELLEY LAW OFFICE
Immigration Real Estate
Family Law Business Closing
Corporate Wills & Estate
Power of Attorney/Affidavit /Attestations
www.kelleylawoffice.ca | info@kelleylawoffice.ca
1200 Derry Road E, #15, Mississauga, ON L5T 0B3
Shinder Kelley
905-362-0755

Royal Pest Control
Residential Commercial Industrial
Specialist in Bedbugs Service
All Pest Control :
Mouse & Rats • Spiders & Fleas • Bedbugs • Wasps
• Cockroaches • Carpenter Ants • Silver Fish • Racoons
Call : PARESH PATEL
416 938 4598

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
Cell: 416-841-4218 Tel: 905-216-5563
AvonFinancial Inc.
Harpreet Singh Goraya
Principal Broker (Lic # M12000607)
831 Bovaird Dr. West, Unit 25, Brampton, ON L6X 0T9 Fax : 905-216-0392

MANN LAW FIRM
• Real Estate Law • Business Law
• Wills & Estates • Family Law
• Power of Attorney • Civil Litigation
• Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

## ਅੱਜ ਨਾਮਾ

ਪਾਰਟੀ ਆਪ ਨੇ ਜਿੱਤਿਆ ਸ਼ਹਿਰ ਦਿੱਲੀ,
ਵਾਹਵਾ ਲੋਕਾਂ ਦੀ ਮਿਲੀ ਹਮਾਇਤ ਬੇਲੀ।
ਦਾਅਵੇ ਕੀਤੇ ਬਥੇਰੇ ਬਈ ਭਾਜਪਾਈਆਂ,
ਕਰਦੇ ਲੋਕਕਈਫੇਰ ਸ਼ਿਕਾਇਤ ਬੇਲੀ।
ਕਾਂਗਰਸ ਪੱਲੇ ਵੀ ਰਿਹਾ ਨਾ ਕੱਖ ਬਾਕੀ,
ਨਾ ਵਿਰਾਸਤ ਨਾ ਕੋਲ ਰਿਵਾਇਤ ਬੇਲੀ।
ਪਾਰਟੀ ਇੱਕੋ ਉਹ ਰਾਜ ਤੇ ਨਗਰ ਸਾਂਭੂ,
ਬਾਹਰੋਂ ਦੇਊ ਨਹੀਂ ਹੋਰ ਹਦਾਇਤ ਬੇਲੀ।
ਡਬਲ-ਇੰਜਣ ਦਾ ਪਿਆ ਸੀ ਬਹੁਤ ਰੌਲਾ,
ਦਿੱਲੀ ਵਿੱਚਅਗੇਤਾ ਜਿਹਾ ਆ ਗਿਆ ਈ।
ਨਤੀਜਾ ਆਵੇ ਗੁਜਰਾਤ ਵਿੱਚ ਕੋਈ ਭਾਵੇਂ,
ਕੌਲੀ ਵਿੱਚ ਕੋਈ ਮਿਰਚ ਰਲਾ ਗਿਆ ਈ।


**ਤੀਸ ਮਾਰ ਖਾਂ**

# ਸਰਦ ਰੁੱਤ ਦੇ ਸ਼ੈਸ਼ਨ ਦੌਰਾਨ ਪਹਿਲੇ ਦਿਨ ਪਾਰਲੀਮੈਂਟ ਵਿੱਚ ਸੰਤ ਸੀਚੇਵਾਲ ਨੂੰ ਪੰਜਾਬੀ ਵਿੱਚ ਮੁਹੱਈਆ ਕਰਵਾਏ ਦਸਤਾਵੇਜ਼

**ਪੰਜਾਬ ਦੇ ਵੱਡੇ ਸਾਹਿਤਕਾਰਾਂ ਨੇ ਸੰਤ ਸੀਚੇਵਾਲ ਦੇ ਯਤਨਾਂ ਦੀ ਕੀਤੀ ਪ੍ਰੰਸ਼ਸ਼ਾ**

ਸੁਲਤਾਨਪੁਰ ਲੋਧੀ, 7 ਦਸੰਬਰ (ਪੋਸਟ ਬਿਊਰੋ): ਸਰਦ ਰੁੱਤ ਦੇ ਸ਼ੁਰੂ ਹੋਏ ਪਾਰਲੀਮੈਂਟ ਸ਼ੈਸ਼ਨ ਦੇ ਪਹਿਲੇ ਦਿਨ ਹੀ ਰਾਜ ਸਭਾ ਸਦਨ ਵਿੱਚ ਮਾਂ ਪੰਜਾਬੀ ਬੋਲੀ ਸੁਣਾਈ ਦਿੱਤੀ। ਰਾਜ ਸਭਾ ਮੈਂਬਰ ਤੇ ਵਾਤਾਵਰਨ ਪ੍ਰੇਮੀ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਅੱਜ ਰਾਜ ਸਭਾ ਦੇ ਨਵੇਂ ਆਏ ਚੇਅਰਮੈਨ ਸ਼੍ਰੀ ਜਗਦੀਪ ਧਨਖੜ ਦਾ ਸਵਾਗਤ ਕਰਦਿਆ ਉਨ੍ਹਾਂ ਦਾ ਇਸ ਗੱਲ ਲਈ ਧੰਨਵਾਦ ਕੀਤਾ ਕਿ ਸਦਨ ਦੇ ਪਟਲ 'ਤੇ ਦਿੱਤੇ ਜਾਣ ਵਾਲੇ ਦਸਤਾਵੇਜ ਪੰਜਾਬੀ ਵਿੱਚ ਮੁਹੱਈਆ ਕਰਵਾਏ ਗਏ। ਸਦਨ ਵਿੱਚ ਮੈਂਬਰਾਂ ਨੂੰ ਹਮੇਸ਼ਾਂ ਹਿੰਦੀ ਤੇ ਅੰਗਰੇਜ਼ੀ ਵਿੱਚ ਹੀ ਦਸਤਾਵੇਜ ਦਿੱਤੇ ਜਾਂਦੇ ਸਨ। ਇਸ ਸੰਬੰਧੀ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਮੌਨਸੂਨ ਸ਼ੈਸ਼ਨ ਦੌਰਾਨ ਵੀ ਪੰਜਾਬੀ ਦੇ ਮੁੱਦੇ ਨੂੰ ਉਠਾਦਿਆ ਮੰਗ ਕੀਤੀ ਸੀ ਕਿ ਉਨ੍ਹਾਂ ਨੂੰ ਮਾਂ ਬੋਲੀ ਪੰਜਾਬੀ ਵਿੱਚ ਦਸਤਾਵੇਜ ਦਿੱਤੇ ਜਾਣ।

ਸੰਤ ਬਲਬੀਰ ਸਿੰਘ ਸੀਚੇਵਾਲ ਨੇ ਪਾਰਲੀਮੈਂਟ ਵਿੱਚ ਪੰਜਾਬੀ ਮਾਂ ਬੋਲੀ ਵਿੱਚ ਦਸਤਾਵੇਜ ਦਿੱਤੇ ਜਾਣ 'ਤੇ ਇਸ ਲਈ ਸਮੂਹ ਪੰਜਾਬੀਆਂ ਨੂੰ ਵਧਾਈ ਦਿੱਤੀ। ਉਨ੍ਹਾਂ ਨੇ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਵੀ ਧੰਨਵਾਦ ਕੀਤਾ। ਸੰਤ ਸੀਚੇਵਾਲ ਨੇ ਕਿਹਾ ਕਿ ਇੰਨ੍ਹਾਂ ਦੋਵੇਂ ਮੁੱਖ ਮੰਤਰੀਆਂ ਨੇ ਉਨ੍ਹਾਂ ਨੂੰ ਪੰਜਾਬ ਦੀ ਤਰਜ਼ਮਾਨੀ ਕਰਨ ਲਈ ਰਾਜ ਸਭਾ ਵਿੱਚ ਭੇਜਿਆ ਹੈ। ਉਹ ਯਤਨ ਕਰ ਰਹੇ ਹਨ ਕਿ ਪੰਜਾਬ ਦੇ ਮਸਲਿਆਂ ਨੂੰ ਰਾਜ ਸਭਾ ਵਿੱਚ ਰੱਖਿਆ ਜਾਵੇ।



ਪਾਰਲੀਮੈਂਟ ਵਿੱਚ ਪੰਜਾਬੀ ਭਾਸ਼ਾ ਨੂੰ ਬਣਦਾ ਮਾਣ ਦੁਆਉਣ ਲਈ ਸੰਤ ਸੀਚੇਵਾਲ ਵੱਲੋਂ ਕੀਤੇ ਗਏ ਯਤਨਾਂ ਦਾ ਪੰਜਾਬੀ ਸਾਹਿਤਕਾਰਾਂ ਨੇ ਨਿੱਘਾ ਸਵਾਗਤ ਕੀਤਾ ਹੈ। ਪੰਜਾਬੀ ਦੇ ਸਿਰਮੌਰ ਕਵੀ ਡਾ: ਗੁਰਭਜਨ ਗਿੱਲ ਨੇ ਕਿਹਾ ਕਿ ਸੰਤ ਬਲਬੀਰ ਸਿੰਘ ਸੀਚੇਵਾਲ ਪੰਜਾਬੀਆਂ ਦਾ ਉਹ ਨਾਇਕ ਹੈ ਜਿਹੜਾ ਪੰਜਾਬੀਆਂ ਦੀ ਰੂਹ ਵਿੱਚ ਵਸਿਆ ਹੋਇਆ ਹੈ। ਪੰਜਾਬ ਦੇ ਪਾਣੀਆਂ ਦੀ ਫਿਕਰਮੰਦੀ ਕਰਨ ਵਾਲੇ ਸੰਤ ਸੀਚੇਵਾਲ ਨੇ ਪੰਜਾਬੀ ਮਾਂ ਬੋਲੀ ਦੀ ਸੇਵਾ ਵਿੱਚ ਡਟ ਗਏ ਹਨ। ਪੰਜਾਬੀ ਸਾਹਿਤ ਅਕਾਦਮੀ ਲੁਧਿਆਣਾ ਦੇ ਪ੍ਰਧਾਨ ਤੇ ਪੰਜਾਬ ਕਲਾ ਪ੍ਰੀਸ਼ਦ ਦੇ ਸਕੱਤਰ ਡਾ: ਲਖਵਿੰਦਰ ਸਿੰਘ ਜੌਹਲ ਨੇ ਕਿਹਾ ਕਿ ਸੰਤ ਸੀਚੇਵਾਲ ਨੇ ਪਾਰਲੀਮੈਂਟ ਦੇ ਰਾਜ ਸਭਾ ਸਦਨ ਵਿੱਚ ਪੰਜਾਬੀ ਨੂੰ ਲਾਗੂ ਕਰਵਾਉਣ ਵਿੱਚ ਕੂੰਜੀਵਤ ਭੂਮਿਕਾ ਨਿਭਾਈ ਹੈ। ਪੰਜਾਬੀ ਵਿੱਚ ਦਸਤਾਵੇਜ ਮਿਲਣੇ ਇੱਕ ਇਤਿਹਾਸਕ ਵਰਤਾਰਾ ਹੈ ਜਿਹੜਾ ਹੁਣ ਭਵਿੱਖ ਵਿੱਚ ਵੀ ਜਾਰੀ ਰਹਿਣਾ ਚਾਹੀਦਾ ਹੈ। ਡਾ: ਜੌਹਲ ਨੇ ਕਿਹਾ ਕਿ ਸੰਤ ਸੀਚੇਵਾਲ ਨੇ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਤੋਂ ਲੈਕੇ ਪਾਰਲੀਮੈਂਟ ਤੱਕ ਪੰਜਾਬੀ ਮਾਂ ਬੋਲੀ ਨੂੰ ਤਰਜ਼ੀਹ ਦੇਣ ਲਈ ਅਵਾਜ਼ ਬੁਲੰਦ ਕੀਤੀ ਹੈ।

# ਡਾ. ਅਮਰੀਕ ਸਿੰਘ ਨੇ ਮੁੱਖ ਖੇਤੀਬਾੜੀ ਅਫਸਰ ਵਜੋਂ ਅਹੁਦਾ ਸੰਭਾਲਿਆ



ਪਠਾਨਕੋਟ, 7 ਦਸੰਬਰ (ਰਾਜਿੰਦਰ ਸਿੰਘ ਰਾਜਨ): ਬੀਤੇ ਦਿਨੀਂ ਪੰਜਾਬ ਸਰਕਾਰ ਦੁਆਰਾ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵਿੱਚ ਸੇਵਾ ਨਿਭਾਅ ਰਹੇ 27 ਖੇਤੀਬਾੜੀ ਅਫਸਰਾਂ ਨੂੰ ਪੱਦ ਉਨਤ ਕਰਕੇ ਡਿਪਟੀ ਡਾਇਰੈਕਟਰ ਖੇਤੀਬਾੜੀ ਬਣਾ ਦਿੱਤਾ ਹੈ ਡਾ. ਅਮਰੀਕ ਸਿੰਘ ਨੇ ਪਠਾਨਕੋਟ ਵਿਖੇ ਮੁੱਖ ਖੇਤੀਬਾੜੀ ਅਫਸਰ ਵਜੋਂ ਅਹੁੱਦਾ ਸੰਭਾਲਿਆ। ਡਾ. ਅਮਰੀਕ ਸਿੰਘ ਵੱਲੋਂ ਬਤੌਰ ਖੇਤੀਬਾੜੀ ਵਿਕਾਸ ਅਫਸਰ ਅਤੇ ਬਲਾਕ ਖੇਤੀਬਾੜੀ ਅਫਸਰ ਦੀਆਂ ਅਸਾਮੀਆਂ 'ਤੇ ਜਿਲ੍ਹਾ ਅੰਮ੍ਰਿਤਸਰ, ਗੁਰਦਾਸਪੁਰ ਅਤੇ ਪਠਾਨਕੋਟ ਵਿੱਚ ਵਿਖੇ ਸ਼ਾਨਦਾਰ ਖੇਤੀਬਾੜੀ ਪਸਾਰ ਸੇਵਾਵਾਂ ਨਿਭਾਈਆਂ ਹਨ। ਇਨ੍ਹਾਂ ਜਿਲਿਆਂ ਵਿੱਚ ਕੰਮ ਕਰਦੇ ਖੇਤੀਬਾੜੀ ਵਿਭਾਗ ਨਾਲ ਸਬੰਧਤ ਵੱਖ ਵੱਖ ਸਕੀਮਾਂ ਅਧੀਨ ਗਤੀਵਿਧੀਆਂ ਲਈ ਇਨ੍ਹਾਂ ਨੇ ਆਪਣਾ ਵਿਸ਼ੇਸ ਯੋਗਦਾਨ ਦਿੱਤਾ। ਬਤੌਰ ਮੁੱਖ ਖੇਤੀਬਾੜੀ ਅਫਸਰ ਹਾਜਰ ਹੋਣ ਉਪਰੰਤ ਕਿਸਾਨ ਵੀਰਾਂ ਨੂੰ ਸੰਦੇਸ਼ ਦੇਦਿਆਂ ਕਿਹਾ ਕਿ ਜਿਲ੍ਹੇ ਦੇ ਕਿਸਾਨਾਂ ਨੂੰ ਮਿਆਰੀ ਇਨ-ਪੁਟਸ ਮੁਹੱਈਆ ਕਰਵਾਉਣ ਲਈ ਅਤੇ ਹਾੜ੍ਹੀ/ਸਾਉਣੀ ਦੌਰਾਨ ਲੋੜੀਂਦੀ ਮਸ਼ੀਨਰੀ ਮੁਹੱਈਆ ਕਰਵਾਉਣ ਲਈ ਹੋਰ ਯਤਨ ਕੀਤੇ ਜਾਣਗੇ । ਉਨ੍ਹਾਂ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਨਾਲ ਤਾਲਮੇਲ ਰੱਖਿਆ ਜਾਵੇ ਤਾਂ ਜੋ ਖੇਤੀ ਨੂੰ ਦਰਪੇਸ਼ ਔਕੜਾਂ ਦਾ ਹੱਲ ਕੀਤਾ ਜਾ ਸਕੇ।

# ਘਰ ਨੂੰ ਲੱਗੀ ਅੱਗ, ਇੱਕ ਵਿਅਕਤੀ ਨੂੰ ਪਹੁੰਚਾਇਆ ਗਿਆ ਹਸਪਤਾਲ

ਮਿਲਟਨ, 7 ਦਸੰਬਰ (ਪੋਸਟ ਬਿਊਰੋ) : ਮੰਗਲਵਾਰ ਰਾਤ ਨੂੰ ਮਿਲਟਨ ਦੇ ਇੱਕ ਘਰ ਵਿੱਚ ਲੱਗੀ ਅੱਗ ਵਿੱਚੋਂ ਇੱਕ ਵਿਅਕਤੀ ਨੂੰ ਮੁਸ਼ਕਲ ਨਾਲ ਬਚਾਇਆ ਗਿਆ ਤੇ ਉਸ ਨੂੰ ਇਲਾਜ ਲਈ ਹਸਪਤਾਲ ਲਿਜਾਇਆ ਗਿਆ। ਹਾਲਟਨ ਪੁਲਿਸ ਨੇ ਦੱਸਿਆ ਕਿ ਅੱਗ ਰਾਤੀਂ 8:00 ਵਜੇ ਸ਼ੇਰਵੁੱਡ ਰੋਡ ਉੱਤੇ ਸਥਿਤ ਘਰ ਵਿੱਚ ਲੱਗੀ। ਮੌਕੇ ਉੱਤੇ ਪਹੁੰਚੇ ਅਧਿਕਾਰੀਆਂ ਨੂੰ ਗੁਆਂਢੀਆਂ ਨੇ ਦੱਸਿਆ ਕਿ ਘਰ ਵਿੱਚ ਇੱਕ ਵਿਅਕਤੀ ਮੌਜੂਦ ਹੈ ਤਾਂ ਉਹ ਤੁਰੰਤ ਘਰ ਵਿੱਚ ਦਾਖਲ ਹੋਏ ਤੇ ਉਨ੍ਹਾਂ ਦੂਜੀ ਮੰਜ਼ਿਲ ਤੋਂ ਉਸ ਵਿਅਕਤੀ ਨੂੰ ਬਚਾਇਆ।




ਇਹ ਵਿਅਕਤੀ ਮਾਮੂਲੀ ਝੁਲਸ ਗਿਆ ਤੇ ਉਸ ਨੂੰ ਇਲਾਜ ਲਈ ਹਸਪਤਾਲ ਲਿਜਾਇਆ ਗਿਆ। ਫਾਇਰ ਅਮਲੇ ਵੱਲੋਂ ਵੀ ਜਲਦ ਹੀ ਅੱਗ ਉੱਤੇ ਕਾਬੂ ਪਾ ਲਿਆ ਗਿਆ। ਅੱਗ ਲੱਗਣ ਦੇ ਕਾਰਨਾਂ ਦਾ ਪਤਾ ਨਹੀਂ ਲੱਗ ਸਕਿਆ ਹੈ। ਅਜੇ ਤੱਕ ਘਰ ਨੂੰ ਹੋਏ ਨੁਕਸਾਨ ਦਾ ਅੰਦਾਜ਼ਾ ਵੀ ਨਹੀਂ ਲਾਇਆ ਗਿਆ।

# ਵਿਜੀਲੈਂਸ ਵੱਲੋਂ 1.24 ਕਰੋੜ ਰੁਪਏ ਦਾ ਘਪਲਾ ਕਰਨ ਵਾਲਾ ਮਾਰਕਫੈੱਡ ਦਾ ਸੀਨੀਅਰ ਬਰਾਂਚ ਅਧਿਕਾਰੀ ਗ੍ਰਿਫਤਾਰ

**ਮਾਰਕਫੈੱਡ ਦੇ ਚਾਰ ਮੁਲਾਜ਼ਮਾਂ ਨੇ ਭੰਡਾਰ ਕੀਤੀ 6097 ਕੁਇੰਟਲ ਕਣਕ ਦੀਆਂ 12,194 ਬੋਰੀਆਂ ਦਾ ਕੀਤਾ ਸੀ ਗਬਨ**



ਚੰਡੀਗੜ, 7 ਦਸੰਬਰ (ਪੋਸਟ ਬਿਊਰੋ): ਸੂਬੇ ਵਿੱਚ ਭ੍ਰਿਸ਼ਟਾਚਾਰ ਨੂੰ ਠੱਲ੍ਹ ਪਾਉਣ ਦੇ ਮੱਦੇਨਜ਼ਰ ਵਿਜੀਲੈਂਸ ਬਿਊਰੋ ਪੰਜਾਬ ਨੇ ਬੁੱਧਵਾਰ ਨੂੰ ਪੰਜਾਬ ਮਾਰਕਫੈੱਡ ਦੇ ਐਮ.ਆਰ.ਐਮ ਕੰਪਲੈਕਸ ਰਾਜਪੁਰਾ, ਜ਼ਿਲ੍ਹਾ ਪਟਿਆਲਾ ਵਿਖੇ ਕਣਕ ਦੇ ਸਟਾਕ ਵਿੱਚ ਵੱਡਾ ਗਬਨ ਕਰਨ ਦੇ ਦੋਸ਼ ਹੇਠ ਸੀਨੀਅਰ ਬਰਾਂਚ ਅਧਿਕਾਰੀ ਰਾਜਬੀਰ ਸਿੰਘ ਬੈਂਸ ਨੂੰ ਗ੍ਰਿਫਤਾਰ ਕਰ ਲਿਆ ਹੈ। ਉਕਤ ਮਾਮਲੇ ਵਿੱਚ ਰਾਜਬੀਰ ਸਿੰਘ ਬੈਂਸ ਸਮੇਤ ਸ਼ਾਮਲ ਮਾਰਕਫੈਡ ਦੇ ਚਾਰ ਮੁਲਜ਼ਮਾਂ ਨੇ ਐਮ.ਆਰ.ਐਮ. ਕੰਪਲੈਕਸ ਵਿਖੇ ਭੰਡਾਰ ਕੀਤੀ 6,097 ਕੁਇੰਟਲ ਕਣਕ ਦੀਆਂ 12,194 ਬੋਰੀਆਂ ਦੀ ਹੇਰਾ-ਫੇਰੀ ਕਰਕੇ ਸਰਕਾਰੀ ਖਜ਼ਾਨੇ ਨੂੰ 1,24,61,658 ਰੁਪਏ ਦਾ ਭਾਰੀ ਨੁਕਸਾਨ ਪਹੁੰਚਾਇਆ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਅੱਜ ਇੱਥੇ ਸਟੇਟ ਵਿਜੀਲੈਂਸ ਬਿਓਰੋ ਦੇ ਬੁਲਾਰੇ ਨੇ ਦੱਸਿਆ ਕਿ ਇਸ ਸਬੰਧ ਵਿੱਚ ਆਈ.ਪੀ.ਸੀ. ਦੀ ਧਾਰਾ 409, 120-ਬੀ ਅਤੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀ ਧਾਰਾ 13(1) ਡੀ, 13(2) ਤਹਿਤ ਐਫਆਈਆਰ ਨੰਬਰ 7 ਮਿਤੀ 13-05-2016 ਨੂੰ ਵਿਜੀਲੈਂਸ ਬਿਊਰੋ ਦੇ ਥਾਣਾ ਪਟਿਆਲਾ ਵਿਖੇ ਪਹਿਲਾਂ ਹੀ ਮਾਮਲਾ ਦਰਜ ਕੀਤਾ ਹੋਇਆ ਸੀ। ਇਸ ਕੇਸ ਵਿੱਚ ਰਾਜਬੀਰ ਸਿੰਘ ਬੈਂਸ ਸੀਨੀਅਰ ਬ੍ਰਾਂਚ ਅਫ਼ਸਰ ਮਾਰਕਫੈੱਡ, ਰਾਜਪੁਰਾ, ਫਰੀਦ ਖਾਨ, ਨਿਗਰਾਨ (ਕਸਟੋਡੀਅਨ), ਐਮਆਰਐਮ ਕੰਪਲੈਕਸ ਅਤੇ ਦਲੇਰ ਸਿੰਘ, ਸੇਲਜ਼ਮੈਨ ਨੂੰ ਇਸ ਗਬਨ ਲਈ ਜ਼ਿੰਮੇਵਾਰ ਪਾਇਆ ਗਿਆ। ਇਸ ਮਾਮਲੇ ਦੀ ਜਾਂਚ ਦੌਰਾਨ ਅਸ਼ਵਨੀ ਕੁਮਾਰ, ਫੀਲਡ ਅਫਸਰ, ਓਪਨ ਪਲਿੰਥ (ਗੁਦਾਮ), ਪਿੰਡ ਢੀਂਡਸਾ, ਰਾਜਪੁਰਾ ਨੂੰ ਵੀ ਬਾਅਦ ਵਿੱਚ ਨਾਮਜ਼ਦ ਕੀਤਾ ਗਿਆ।

ਉਨ੍ਹਾਂ ਅੱਗੇ ਦੱਸਿਆ ਕਿ ਇਹ ਮਾਮਲਾ ਐਮਆਰਐਮ ਕੰਪਲੈਕਸ ਰਾਜਪੁਰਾ ਵਿਖੇ ਖੁਰਾਕ ਤੇ ਸਿਵਲ ਸਪਲਾਈ ਵਿਭਾਗ ਦੇ ਅਧਿਕਾਰੀਆਂ ਨਾਲ ਮਾਰਕਫੈੱਡ ਦੇ ਭੰਡਾਰਨ ਗੋਦਾਮਾਂ ਅਤੇ ਢੀਂਡਸਾ ਵਿਖੇ ਖੁੱਲ੍ਹੇ ਪਲਿੰਥ ਦੀ ਅਚਨਚੇਤ ਚੈਕਿੰਗ ਕਰਨ ਉਪਰੰਤ ਦਰਜ ਕੀਤਾ ਗਿਆ ਹੈ। ਇਸ ਚੈਕਿੰਗ ਦੌਰਾਨ ਵਿਜੀਲੈਂਸ ਬਿਊਰੋ ਦੀ ਟੀਮ ਨੂੰ ਪਤਾ ਲੱਗਾ ਹੈ ਕਿ ਮਾਰਕਫੈੱਡ ਦੇ ਉਕਤ ਮੁਲਾਜ਼ਮਾਂ ਨੇ ਸਾਲ 2013-2014, 2014-2015 ਅਤੇ 2015-2016 ਦੌਰਾਨ 6097 ਕੁਇੰਟਲ ਵਜ਼ਨੀ ਕਣਕ ਦੀਆਂ 12194 ਬੋਰੀਆਂ ਦਾ ਗਬਨ ਕਰਨ ਲਈ ਜ਼ਿੰਮੇਵਾਰ ਪਾਏ ਗਏ ਸਨ। ਇਸ ਤਰ੍ਹਾਂ ਉਕਤ ਦੋਸ਼ੀਆਂ ਨੇ ਇਸ ਕਣਕ ਦੇ ਸਟਾਕ ਦੀ ਦੁਰਵਰਤੋਂ ਕਰਕੇ ਸਰਕਾਰੀ ਖਜ਼ਾਨੇ ਨੂੰ 1,24,61,658 ਰੁਪਏ ਦਾ ਖ਼ੋਰਾ ਲਾਇਆ ਹੈ। ਇਸ ਸਬੰਧੀ ਅਗਲੇਰੀ ਜਾਂਚ ਜਾਰੀ ਹੈ।

# ਡਿਪਟੀ ਕਮਿਸ਼ਨਰ ਪਰਨੀਤ ਸ਼ੇਰਗਿੱਲ ਨੇ ਹਰਮਨਪ੍ਰੀਤ ਸਿੰਘ ਨੂੰ ਕੀਤਾ ਸਨਮਾਨਿਤ

ਫ਼ਤਹਿਗੜ੍ਹ ਸਾਹਿਬ, 7 ਦਸੰਬਰ (ਪੋਸਟ ਬਿਊਰੋ): ਖੇਡ ਸਟੇਡੀਅਮ ਮਾਧੋਪੁਰ, ਜ਼ਿਲ੍ਹਾ ਫ਼ਤਹਿਗੜ੍ਹ ਸਾਹਿਬ ਵਿਖੇ ਸਪੋਰਟਸ ਪ੍ਰਮੋਸ਼ਨਲ ਕ੍ਰਿਕਟ ਟੂਰਨਾਮੈਂਟ, ਇੰਪਲਾਈਜ਼ ਪ੍ਰੀਮੀਅਰ ਲੀਗ (ਈ.ਪੀ.ਐਲ) ਦੇ ਲੜੀਵਾਰ ਸ਼ਾਨਦਾਰ ਚੱਲ ਰਹੇ ਮੈਚਾਂ ਦੀ ਸਮਾਪਤੀ ਟੂਰਨਾਮੈਂਟ ਦੇ ਪ੍ਰਬੰਧਕ ਦਿਨੇਸ਼ ਕੁਮਾਰ, ਡੀ.ਸੀ.ਦਫਤਰ ਫ਼ਤਹਿਗੜ੍ਹ ਸਾਹਿਬ ਦੀ ਦੇਖ-ਰੇਖ 'ਚ ਹੋਈ। ਇਸ ਪਹਿਲਾ ਇਮਪਲਾਈਜ ਪ੍ਰੀਮਿਅਰ ਲੀਗ, ਫ਼ਤਹਿਗੜ੍ਹ ਸਾਹਿਬ-2022 ਟੂਰਨਾਮੈਂਟ ਦੇ ਸਪੋਨਸਰ ਹਰਮਨਪ੍ਰੀਤ ਸਿੰਘ ਵਾਤਾਵਰਣ ਪ੍ਰੇਮੀ ਨੂੰ ਡਿਪਟੀ ਕਮਿਸ਼ਨਰ ਸ਼੍ਰੀਮਤੀ ਪਰਨੀਤ ਸ਼ੇਰਗਿੱਲ ਨੇ ਸਨਮਾਨ ਚਿੰਨ੍ਹ ਭੇਂਟ ਕਰ ਸਨਮਾਨਿਤ ਕੀਤਾ ਅਤੇ ਇਮਪਲਾਈਜ ਪ੍ਰੀਮਿਅਰ ਲੀਗ ਲਈ ਦਿੱਤੇ ਵਿਸ਼ੇਸ਼ ਸਹਿਯੋਗ ਦੀ ਭਰਭੂਰ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਸਾਡਾ ਸਾਰਿਆ ਦਾ ਇਹ ਫਰਜ਼ ਬਣਦਾ ਹੈ ਕਿ ਨੌਜਵਾਨ ਪੀੜ੍ਹੀ ਨੂੰ ਖੇਡਾਂ ਨਾਲ ਜੋੜਨ ਲਈ ਵੱਧ ਤੋਂ ਵੱਧ ਉਪਰਾਲੇ ਕੀਤੇ ਜਾਣ ਤਾਂ ਜੋ ਨਸ਼ਾ ਮੁਕਤ ਸਮਾਜ ਦੀ ਸਿਰਜਣਾ ਕੀਤੀ ਜਾ ਸਕੇ। ਇਸ ਮੌਕੇ ਹਰਮਨਪ੍ਰੀਤ ਸਿੰਘ ਨੇ ਜ਼ਿਲ੍ਹਾ ਪ੍ਰਸ਼ਾਸਨ ਫ਼ਤਹਿਗੜ੍ਹ ਸਾਹਿਬ ਦਾ ਵਿਸ਼ੇਸ਼ ਧੰਨਵਾਦ ਕੀਤਾ। ਇਸ ਮੌਕੇ ਡੀ.ਸੀ.ਦਫਤਰ ਫ਼ਤਹਿਗੜ੍ਹ ਸਾਹਿਬ ਤੋਂ ਜਸਪ੍ਰੀਤ ਸਿੰਘ ਬੇਦੀ ਵੀ ਹਾਜ਼ਰ ਸਨ।



REXDALE FINANCIAL SERVICES
WE HELP YOU START, GROW AND SUCCEED
We bring Canada's leading lenders to you
The Mortgage Centre
I direct mortgages Inc.
21 Roysun Rd, #6, Woodbridge, ON L4L 8R3
Ph: 905.652.3000 ext 467 | 905.652.300 ext 468
Each Mortgage center is independently owned and operated
Call now: 416.674.8035 | 416.674.7050 or Fax: 416.674.9009
ਮਿਲ ਰਹੇ ਘੱਟ ਵਿਆਜ ਦਰਾਂ ਦਾ ਫਾਇਦਾ ਚੱਕੋ ਅਤੇ ਹਜ਼ਾਰਾਂ ਹੀ ਡਾਲਰ ਬਚਾਓ!
• DEBT CONSOLIDATION • HOME EQUITY
• LOANS • HOME RENOVATION
• WANT TO GET OUT OF CREDIT CARD DEBT
ਜਿਆਦਾ ਕਰਜਾ ਦੇ ਕੇ ਥੱਕ ਚੁੱਕੇ ਹੋ? ਆਪਣਾ ਕਰਜਾਂ ਚੁਕਾਓ!!!
ਬੈਂਕ ਨੇ ਕਰ ਦਿੱਤੀ 'ਨਾਂਹ', ਅਸੀਂ ਕਰਾਂਗੇ 'ਹਾਂ'
MORTGAGES SUITABLE FOR EVERY NEED!
1st & 2nd Mortgage Available
ALL IN ONE LOW MONTHLY PAYMENT!
Increase Your Cash Flow by up to 50%
YOU NEED A MORTGAGE? WE'LL ARANGE IT FOR YOU NO MATTER WHAT YOUR REASON IS!
Self Employed or Unemployed
Each Mortgage Centre is independently owned and operated
19 Woodbine Downs Blvd, #201, Etobicoke, ON M9W 6N5
Jaspal Singh Gahunia #M08006400
416.677.0047

TAX & ACCOUNTING
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroVerCPA Professional Corporation
214-7895 Tranmere Drive, Mississauga ON L5S 1V9

SherGill Law Firm
Barrister, Solicitor & Notary Public
Services:
* Real Estate
* Residential, Commercial & Franchise
* Criminal Law
* Family Law
* Affidavit, Power Of Attorney & Notarization
* Immigration Matters
Paramjit Singh Gill
(MBA,LL.B.)
Tel: 905-790-3636
2565 Steeles Ave E Unit #20, Brampton, ON L6T 4L6
Emergency Contact:
416.910.5676
www.shergilllawfirm.ca

ਬਰਾੜ ਗਰਾਜ ਡੋਰ
ਅਸੀਂ ਰੀਪੇਅਰ ਕਰਦੇ ਹਾਂ :
BROKEN SPRINGS
CABLES & ROLLERS
GARAGE DOOR OPENERS
We Install Garage Door Openers
ਸੰਪਰਕ ਕਰੋ: (416) 357-4082, ਈਮੇਲ ਕਰੋ: brargaragedoors@gmail.com

ਆਓ ਸੱਤ ਸਮੁੰਦਰੋ ਪਾਰ ਵਾਲਿਆਂ ਦਾ ਵੀ ਸੋਚੀਏ
Super Visa
■ How your spouse can join you within 4-6 months
■ How your parents can join you
■ How students & skilled people can come to Canada
■ How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
MEMBER iccrc
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com

ukttc UK TRUCK TRAINING CENTRE
PCC #179958
Registered as a Private Careers College
ਹੁਣ ਕੈਮਬ੍ਰਿਜ ਵਿੱਚ ਨਵੀਂ ਲੋਕੇਸ਼ਨ ਖੁੱਲ ਗਈ ਹੈ!!!
225 Sheldon Dr #18, Cambridge
Automatic & Manual Trucks
1 on 1 Training
Air Brake Classes
Sat & Sun 8.00am to 4.00pm
Wed & Thu 4.00pm to 11.00pm
ਜਲਦੀ ਰੋਡ ਟੈਸਟ ਬੁਕਿੰਗ
Forklift Training
Forklift $79 Recertification
Counterbalance
Reach Truck
ਬਾਰ-ਬਾਰ ਫੇਲ੍ਹ ਹੋਣ ਤੋਂ ਬਚਣ ਲਈ ਤਜ਼ਰਬੇਕਾਰ ਇੰਸਟ੍ਰਕਟਰ ਤੋਂ ਟ੍ਰੇਨਿੰਗ ਪ੍ਰਾਪਤ ਕਰੋ।
We help in Written Test & in Finding Jobs
20 ਸਾਲਾਂ ਦਾ ਤਜ਼ਰਬਾ | 7 ਦਿਨ ਖੁੱਲਾ | ਗੇਅਰਾਂ ਵਾਲੇ ਟਰੱਕਾ ਦੀ ਸਪੈਸ਼ਲ ਟ੍ਰੇਨਿੰਗ
7542 Bath Rd, Mississauga, ON L4T 1L2, Off:905.673.7979
OPEN 7 DAYS uktruck1@gmail.com
Jitpal Singh Deol 647-204-1936

# ਬੋਰਡਿੰਗ ਸਕੂਲਾਂ ਦੇ ਫਾਇਦੇ ਅਤੇ ਨੁਕਸਾਨ

## ਬੋਰਡਿੰਗ ਸਕੂਲਾਂ ਦੇ ਫਾਇਦੇ

*ਸਵੈ-ਨਿਰਭਰਤਾ:* ਬੋਰਡਿੰਗ ਸਕੂਲਾਂ ਦਾ ਮੁੱਖ ਫਾਇਦਾ ਇਹ ਹੈ ਕਿ ਇਹ ਵਿਦਿਆਰਥੀਆਂ ਨੂੰ ਸਵੈ-ਨਿਰਭਰ ਬਣਾਉਂਦਾ ਹੈ। ਬੋਰਡਿੰਗ ਸਕੂਲ ਵਿੱਚ ਪਹਿਲੇ ਦਿਨ ਤੋਂ, ਇੱਕ ਵਿਦਿਆਰਥੀ ਇੱਕ ਪਰਦੇਸੀ ਵਾਤਾਵਰਣ ਦਾ ਵਿਸ਼ਲੇਸ਼ਣ ਅਤੇ ਅਨੁਕੂਲਤਾ ਕਰ ਰਿਹਾ ਹੈ। ਆਉਣ ਵਾਲੇ ਦਿਨਾਂ ਦੌਰਾਨ, ਉਹ ਆਪਣੇ ਆਪ ਫੈਸਲੇ ਲੈਣੇ ਸਿੱਖਦੇ ਹਨ ਜੋ ਕਿ ਉਹਨਾਂ ਦੇ ਮਾਪਿਆਂ ਦਾ ਵਿਭਾਗ ਸੀ। ਹਰ ਗੁਜ਼ਰਦੇ ਦਿਨ ਦੇ ਨਾਲ, ਉਹ ਸਥਿਤੀਆਂ, ਸਮੱਸਿਆਵਾਂ ਅਤੇ ਕਾਰਜਾਂ ਨੂੰ ਦੇਖਦੇ ਅਤੇ ਉਹਨਾਂ ਨੂੰ ਸੰਭਾਲਣਾ ਸਿੱਖਦੇ ਹਨ। ਜਿਹੜੇ ਲੋਕ ਇਸ ਵਿੱਚ ਸ਼ਾਮਲ ਹੁੰਦੇ ਹਨ ਉਨ੍ਹਾਂ ਦੀ ਸਵੈ-ਨਿਰਭਰਤਾ ਵਿੱਚ ਹੋਰ ਵਾਧਾ ਹੁੰਦਾ ਹੈ। ਇਹ ਪਾਠ ਇੱਕ ਨਿਯਮਤ ਸਕੂਲ ਦੇ ਮੁਕਾਬਲੇ ਇੱਕ ਬੋਰਡਿੰਗ ਸਕੂਲ ਵਿੱਚ ਭਰਪੂਰ ਹੁੰਦੇ ਹਨ। ਸਵੈ-ਨਿਰਭਰਤਾ ਸੁਤੰਤਰਤਾ ਅਤੇ ਸਵੈ-ਵਿਸ਼ਵਾਸ ਨੂੰ ਹੋਰ ਮਜ਼ਬੂਤ ਕਰਦੀ ਹੈ ਜੋ ਕਿ ਇੱਕ ਚੰਗੇ ਜੀਵਨ ਲਈ ਜ਼ਰੂਰੀ ਤੱਤ ਹੈ। ਇਸ ਤੋਂ ਇਲਾਵਾ, ਇਹ ਮਾਪਿਆਂ ਦੇ ਬੋਝ ਨੂੰ ਕਾਫੀ ਹੱਦ ਤੱਕ ਘਟਾਉਂਦਾ ਹੈ।

*ਪ੍ਰਭਾਵੀ ਨਿਗਰਾਨੀ:* ਬੋਰਡਿੰਗ ਸਕੂਲ ਦੇ ਮਾਹੌਲ ਵਿੱਚ ਹੋਸਟਲ ਜੀਵਨ ਦੇ ਸਾਰੇ ਪਹਿਲੂਆਂ ਦੀ ਨੇੜਿਓਂ ਨਿਗਰਾਨੀ ਕੀਤੀ ਜਾਂਦੀ ਹੈ। ਹਾਲਾਂਕਿ ਮਾਤਾ-ਪਿਤਾ ਦੀ ਨਿਗਰਾਨੀ ਵੀ ਪ੍ਰਭਾਵਸ਼ਾਲੀ ਹੈ ਪਰ ਇਸ ਨਾਲ ਕਈ ਪੱਧਰਾਂ 'ਤੇ ਸਮਝੌਤਾ ਕੀਤਾ ਜਾ ਸਕਦਾ ਹੈ। ਬੋਰਡਿੰਗ ਸਕੂਲਾਂ ਵਿੱਚ, ਨਿਗਰਾਨੀ ਵਿੱਚ ਸਮਝੌਤਾ ਕਰਨ ਦੀ ਸੰਭਾਵਨਾ ਘੱਟ ਹੁੰਦੀ ਹੈ ਕਿਉਂਕਿ ਸਟਾਫ ਨੂੰ ਭੁਗਤਾਨ ਕੀਤਾ ਜਾਂਦਾ ਹੈ ਅਤੇ ਉਹਨਾਂ ਦੇ ਪ੍ਰੇਰਣਾ ਦੇ ਪੱਧਰ ਨੂੰ ਭਾਵਨਾਤਮਕ ਨਹੀਂ ਬਣਾਇਆ ਜਾ ਸਕਦਾ ਕਿਉਂਕਿ ਇਹ ਉਹਨਾਂ ਦੀਆਂ ਨੌਕਰੀਆਂ ਨੂੰ ਖਤਰੇ ਵਿੱਚ ਪਾਉਂਦਾ ਹੈ। ਘਰੇਲੂ ਮਾਹੌਲ ਵਿੱਚ, ਮਾਪੇ ਅਯੋਗਤਾ ਜਾਂ ਸਮੇਂ ਦੀ ਘਾਟ ਜਾਂ ਦਿਲਚਸਪੀ ਦੀ ਘਾਟ ਕਾਰਨ ਅਕਾਦਮਿਕ ਪੱਧਰ ਦੇ ਹਰ ਹਿੱਸੇ ਦੀ ਨਿਗਰਾਨੀ ਅਤੇ ਮਾਰਗਦਰਸ਼ਨ ਕਰਨ ਦੇ ਯੋਗ ਨਹੀਂ ਹੋ ਸਕਦੇ। ਘਰ ਤੋਂ ਦੂਰ ਵਾਤਾਵਰਣ ਵਿੱਚ ਵਿਦਿਆਰਥੀਆਂ ਨੂੰ ਹਰ ਸਮੇਂ ਨਿਯਮਤ ਨਿਗਰਾਨੀ ਪ੍ਰਦਾਨ ਕੀਤੀ ਜਾਂਦੀ ਹੈ।

*ਅਨੁਸ਼ਾਸਿਤ ਜੀਵਨ:* ਅੱਜ ਦੀ ਪੀੜ੍ਹੀ ਵਿੱਚ ਅਨੁਸ਼ਾਸਨ ਆਉਣਾ ਅਤੇ ਇਸਨੂੰ ਕਾਇਮ ਰੱਖਣਾ ਇੱਕ ਹੋਰ ਕੰਮ ਹੈ। ਇਸ ਤੋਂ ਇਲਾਵਾ, ਕਰੀਅਰ-ਅਧਾਰਿਤ ਮਾਪੇ ਆਪਣੇ ਭੈਣ-ਭਰਾ ਲਈ ਇੱਕ ਸ਼ਾਸਨ ਕਾਇਮ ਰੱਖਣ ਵਿੱਚ ਪ੍ਰਭਾਵਸ਼ਾਲੀ ਨਹੀਂ ਹਨ। ਜਦੋਂ ਨਿਯਮਾਂ ਅਤੇ ਨਿਯਮਾਂ ਦੀ ਵੱਡੇ ਪੱਧਰ 'ਤੇ ਪਾਲਣਾ ਹੁੰਦੀ ਹੈ, ਤਾਂ ਉਨ੍ਹਾਂ ਦੀ ਪਾਲਣਾ ਘਰੇਲੂ ਮਾਹੌਲ ਨਾਲੋਂ ਜ਼ਿਆਦਾ ਹੁੰਦੀ ਹੈ। ਨਿਯਮ ਅਤੇ ਨਿਯਮ ਇੱਕ ਸਫਲ ਅਤੇ ਸਿਹਤਮੰਦ ਜੀਵਨ ਲਈ ਮਾਰਗ ਪ੍ਰਦਾਨ ਕਰਦੇ ਹਨ। ਜੀਵਨ ਦਾ ਇੱਕ ਢਾਂਚਾਗਤ ਤਰੀਕਾ ਭਵਿੱਖੀ ਜੀਵਨ ਦੀਆਂ ਚੁਣੌਤੀਆਂ ਦਾ ਸਾਹਮਣਾ ਕਰਨ ਲਈ ਜ਼ਰੂਰੀ ਹੁਨਰ ਪ੍ਰਦਾਨ ਕਰਦਾ ਹੈ। ਇਹ ਉਹਨਾਂ ਦੇ ਵਾਰਡ ਦੇ ਭਵਿੱਖ ਦੇ ਦਾਇਰੇ ਬਾਰੇ ਮਾਪਿਆਂ ਦੀ ਚਿੰਤਾ ਨੂੰ ਵੀ ਘਟਾਉਂਦਾ ਹੈ।

*ਫੋਸਟਰਜ਼ ਫੈਕਲਟੀ-ਵਿਦਿਆਰਥੀ ਸਬੰਧ:* ਇਹ ਇੱਕ ਆਮ ਨਿਰੀਖਣ ਹੈ ਕਿ ਕੁਝ ਅਪਵਾਦਾਂ ਨੂੰ ਛੱਡ ਕੇ, ਫੈਕਲਟੀ ਅਤੇ ਵਿਦਿਆਰਥੀਆਂ ਦਾ ਸਮਾਜੀਕਰਨ ਘੱਟ ਹੈ। ਜਿਆਦਾਤਰ, ਹੁਸ਼ਿਆਰ ਅਤੇ ਪ੍ਰਭਾਵਸ਼ਾਲੀ ਵਿਦਿਆਰਥੀ ਸਟਾਫ ਦੇ ਨਾਲ ਚੰਗਾ ਸਮਾਜੀਕਰਨ ਕਰਦੇ ਦਿਖਾਈ ਦਿੰਦੇ ਹਨ। ਅਧਿਐਨ ਦੇ ਸਮੇਂ ਦੌਰਾਨ ਸਿਰਫ ਅਕਾਦਮਿਕ ਪੱਧਰ ਦਾ ਸਮਾਜੀਕਰਨ ਹੁੰਦਾ ਹੈ। ਬੋਰਡਿੰਗ ਸਕੂਲ ਦੇ ਮਾਹੌਲ ਵਿੱਚ, ਵਿਦਿਆਰਥੀਆਂ ਅਤੇ ਫੈਕਲਟੀ (ਖਾਸ ਕਰਕੇ ਰਿਹਾਇਸ਼ੀ) ਨੂੰ ਬਿਨਾਂ ਕਿਸੇ ਅਕਾਦਮਿਕ ਦੇਣਦਾਰੀਆਂ ਦੇ ਗੱਲਬਾਤ ਕਰਨ ਲਈ ਕਾਫ਼ੀ ਸਮਾਂ ਮਿਲਦਾ ਹੈ। ਅਧਿਆਪਕਾਂ ਤੋਂ ਵਿਸਤ੍ਰਿਤ ਅਕਾਦਮਿਕ ਮਦਦ ਤੋਂ ਇਲਾਵਾ, ਬੱਚੇ ਆਪਣੇ ਉੱਚ ਅਧਿਕਾਰੀਆਂ ਨੂੰ ਬਹੁਤ ਵਧੀਆ ਤਰੀਕੇ ਨਾਲ ਸਮਝਣ ਦੇ ਯੋਗ ਹੁੰਦੇ ਹਨ। ਇਹ ਕਿਸੇ ਵੀ ਗਲਤ ਧਾਰਨਾ ਨੂੰ ਵੀ ਦੂਰ ਕਰਦਾ ਹੈ ਜੋ ਉਹਨਾਂ ਨੇ ਆਪਣੇ ਸਲਾਹਕਾਰਾਂ ਬਾਰੇ ਬਣਾਈਆਂ ਹੋਣਗੀਆਂ। ਇਸ ਵਿਦਿਆਰਥੀ-ਅਧਿਆਪਕ ਭਾਈਚਾਰਕ ਸਾਂਝ ਰਾਹੀਂ ਇੱਕ ਸੁਹਿਰਦ, ਆਪਸੀ ਲਾਭਕਾਰੀ ਨੂੰ ਮਜ਼ਬੂਤ ਕੀਤਾ ਜਾਂਦਾ ਹੈ ਜੋ ਕਲਾਸਰੂਮ ਵਿੱਚ ਵੀ ਸਤਿਕਾਰ ਅਤੇ ਆਗਿਆਕਾਰੀ ਨੂੰ ਵਧਾਉਂਦਾ ਹੈ।

*ਅਨੁਭਵੀ ਬੁੱਧੀ:* ਬਜ਼ੁਰਗਾਂ, ਵਿਦੇਸ਼ੀ ਵਿਦਿਆਰਥੀਆਂ, ਅਧਿਆਪਕਾਂ ਅਤੇ ਹੋਰ ਸਟਾਫ਼ ਦੀ ਸੰਗਤ ਵਿੱਚ ਇੱਕ ਤਜਰਬੇਕਾਰ ਬੁੱਧੀ ਵਿਕਸਿਤ ਹੁੰਦੀ ਹੈ। ਕਿਸੇ ਕੰਮ ਜਾਂ ਸਥਿਤੀ ਨੂੰ ਕਰਦੇ ਸਮੇਂ ਬਜ਼ੁਰਗਾਂ ਦੇ ਵਿਵਹਾਰ ਦਾ ਨਿਰੀਖਣ ਇੱਕ ਕੀਮਤੀ ਅਨੁਭਵ ਪ੍ਰਦਾਨ ਕਰਦਾ ਹੈ। ਨਵੇਂ ਸੱਭਿਆਚਾਰ, ਉਨ੍ਹਾਂ ਦੇ ਰੀਤੀ-ਰਿਵਾਜ ਅਤੇ ਵਿਵਹਾਰ ਬੁੱਧੀ ਦੀ ਅਮੀਰੀ ਲਿਆਉਂਦੇ ਹਨ। ਅਧਿਆਪਕਾਂ ਅਤੇ ਸਟਾਫ ਦੀ ਸਮਝਦਾਰ ਸਲਾਹ ਤਰਕਸ਼ੀਲ ਸੋਚ ਅਤੇ ਜ਼ੁੰਮੇਵਾਰ ਵਿਹਾਰ ਨੂੰ ਪ੍ਰੇਰਿਤ ਕਰਦੀ ਹੈ। ਅਨੁਭਵ ਦਾ ਅਜਿਹਾ ਸਪੈਕਟ੍ਰਮ ਕੁਝ ਕੁ ਸੁਵਿਧਾਵਾਂ ਵਿੱਚ ਹੀ ਉਪਲਬਧ ਹੈ।

*ਉੱਨਤ ਸਮਾਜਿਕ ਹੁਨਰ ਵਿਕਸਿਤ ਕਰਦਾ ਹੈ:* ਬੋਰਡਿੰਗ ਸਕੂਲ ਭੂਗੋਲਿਕ, ਨਸਲੀ ਅਤੇ ਸਮਾਜਿਕ-ਆਰਥਿਕ ਪਿਛੋਕੜਾਂ ਦੀ ਇੱਕ ਵਿਸ਼ਾਲ ਸ਼੍ਰੇਣੀ ਦੇ ਵਿਦਿਆਰਥੀਆਂ ਨੂੰ ਦਾਖਲ ਕਰਦੇ ਹਨ। ਇੱਕ ਉਮੀਦਵਾਰ ਨਾ ਸਿਰਫ਼ ਖੇਤਰੀ, ਸਗੋਂ ਅੰਤਰਰਾਸ਼ਟਰੀ ਲੋਕਾਂ ਲਈ ਵੀ ਵਿਅਕਤੀਆਂ ਅਤੇ ਸੱਭਿਆਚਾਰਾਂ ਦੀ ਇੱਕ ਵਿਸ਼ਾਲ ਸ਼੍ਰੇਣੀ ਦਾ ਸਾਹਮਣਾ ਕਰਦਾ ਹੈ। ਇੱਕ ਵਿਦਿਆਰਥੀ ਵੱਖ-ਵੱਖ ਸਭਿਆਚਾਰਾਂ ਦੀ ਬਿਹਤਰ ਸਮਝ ਨੂੰ ਗ੍ਰਹਿਣ ਕਰਦਾ ਹੈ ਅਤੇ ਕਈ ਤਰ੍ਹਾਂ ਦੇ ਸਮਾਜਿਕ ਵਿਵਹਾਰਾਂ ਦਾ ਅਨੁਭਵ ਕਰਦਾ ਹੈ। ਸਾਰੀਆਂ ਗਲਤ ਧਾਰਨਾਵਾਂ ਅਤੇ ਰੁਕਾਵਟਾਂ ਨੂੰ ਦੂਰ ਕੀਤਾ ਜਾਂਦਾ ਹੈ, ਸ਼ਾਂਤੀਪੂਰਨ ਸਹਿ-ਹੋਂਦ ਨੂੰ ਉਤਸ਼ਾਹਿਤ ਕਰਦਾ ਹੈ। ਵੱਖ-ਵੱਖ ਖੇਤਰਾਂ ਦੇ ਵਿਦਿਆਰਥੀਆਂ ਨਾਲ ਗੱਲਬਾਤ ਇੱਕ ਗਿਆਨ ਅਧਾਰ ਵਿਕਸਿਤ ਕਰਦੀ ਹੈ ਜੋ ਨਿਯਮਤ ਸਕੂਲਾਂ ਵਿੱਚ ਜਾਣ ਵਾਲੇ ਬੱਚਿਆਂ ਦੇ ਮੁਕਾਬਲੇ ਉੱਨਤ ਸਮਾਜਿਕ ਹੁਨਰ ਵਿਕਸਿਤ ਕਰਦੀ ਹੈ।

*ਵਿਅਕਤੀਗਤਤਾ ਨੂੰ ਉਤਸ਼ਾਹਿਤ ਕਰਦਾ ਹੈ:* ਕਈ ਵਾਰ ਮਾਤਾ-ਪਿਤਾ ਉਹਨਾਂ ਗਤੀਵਿਧੀਆਂ ਨੂੰ ਪਸੰਦ ਨਹੀਂ ਕਰਦੇ ਜਾਂ ਉਹਨਾਂ ਦੀ ਕਦਰ ਨਹੀਂ ਕਰਦੇ ਜੋ ਬੱਚਿਆਂ ਲਈ ਪਿਆਰੀਆਂ ਹੁੰਦੀਆਂ ਹਨ। ਆਲੇ-ਦੁਆਲੇ ਦੇ ਬੋਰਡਿੰਗ ਵਿੱਚ, ਵਿਅਕਤੀਗਤ ਹਿੱਤਾਂ ਨੂੰ ਉਤਸ਼ਾਹਿਤ ਕੀਤਾ ਜਾਂਦਾ ਹੈ ਅਤੇ ਇਸ ਹੱਦ ਤੱਕ ਉਤਸ਼ਾਹਿਤ ਕੀਤਾ ਜਾਂਦਾ ਹੈ ਕਿ ਇਹ ਵਿਅਕਤੀ ਦੀ ਪਛਾਣ ਬਣ ਜਾਂਦੀ ਹੈ। ਵਿਅਕਤੀਆਂ ਨੂੰ ਆਪਣੇ ਲਈ ਇੱਕ ਹੱਦ ਤੱਕ ਆਜ਼ਾਦੀ ਹੁੰਦੀ ਹੈ ਜਿੱਥੇ ਇਹ ਕੋਈ ਪਰੇਸ਼ਾਨੀ ਜਾਂ ਅਸ਼ਲੀਲ ਨਹੀਂ ਬਣ ਜਾਂਦੀ। ਦੂਜਿਆਂ



ਲਈ ਹਮਦਰਦੀ, ਵਫ਼ਾਦਾਰੀ, ਇਮਾਨਦਾਰੀ, ਜਾਨਵਰਾਂ ਲਈ ਪਿਆਰ, ਨਿਮਰਤਾ ਆਦਿ ਵਰਗੇ ਸਵੀਕਾਰਯੋਗ ਵਿਅਕਤੀਗਤ ਗੁਣਾਂ ਨੂੰ ਨਜ਼ਰਅੰਦਾਜ਼ ਨਹੀਂ ਕੀਤਾ ਜਾਂਦਾ ਹੈ। ਇਹਨਾਂ ਨੂੰ ਸਵੀਕਾਰ ਕੀਤਾ ਜਾਂਦਾ ਹੈ, ਪ੍ਰਸ਼ੰਸਾ ਕੀਤੀ ਜਾਂਦੀ ਹੈ ਅਤੇ ਉਤਸ਼ਾਹਿਤ ਕੀਤਾ ਜਾਂਦਾ ਹੈ, ਕਿਉਂਕਿ ਇਹ ਇੱਕ ਵਿਅਕਤੀ ਨੂੰ ਇੱਕ ਵੱਖਰਾ ਵਿਅਕਤੀ ਬਣਾਉਂਦਾ ਹੈ। ਵੱਖ-ਵੱਖ ਪਾਠਕ੍ਰਮ ਤੋਂ ਬਾਹਰਲੀਆਂ ਗਤੀਵਿਧੀਆਂ, ਜਿਵੇਂ ਕਿ ਬਹਿਸ, ਸੰਗੀਤ, ਡਾਂਸ ਆਦਿ ਦੁਆਰਾ ਵਿਅਕਤੀਗਤਤਾ ਨੂੰ ਹੋਰ ਵਧਾਇਆ ਜਾਂਦਾ ਹੈ। ਬੱਚੇ ਵੀ ਆਪਣੀਆਂ ਕਮੀਆਂ ਅਤੇ ਫਾਇਦਿਆਂ ਦਾ ਪਤਾ ਲਗਾਉਣ ਦੇ ਯੋਗ ਹੁੰਦੇ ਹਨ।

*ਕਈ ਤਰ੍ਹਾਂ ਦੀਆਂ ਵਾਧੂ ਪਾਠਕ੍ਰਮ ਗਤੀਵਿਧੀਆਂ ਦਾ ਅਨੁਭਵ ਕਰਨ ਦਾ ਮੌਕਾ:* ਸਰਵਪੱਖੀ ਸ਼ਖ਼ਸੀਅਤ ਜਾਂ ਬਹੁ-ਪ੍ਰਤਿਭਾਸ਼ਾਲੀ ਸ਼ਖ਼ਸੀਅਤ ਦਾ ਵਿਕਾਸ ਸਿਰਫ਼ ਅਕਾਦਮਿਕ ਗਤੀਵਿਧੀਆਂ ਦੁਆਰਾ ਹੀ ਨਹੀਂ ਹੁੰਦਾ, ਸਗੋਂ ਉਹਨਾਂ ਦੁਆਰਾ ਵੀ ਪ੍ਰਭਾਵਿਤ ਹੁੰਦਾ ਹੈ ਜੋ ਉਪਰੋਕਤ ਦੀਆਂ ਸੀਮਾਵਾਂ ਤੋਂ ਪਰੇ ਹਨ। ਇਹ ਦੱਸਣਾ ਗਲਤ ਨਹੀਂ ਹੋਵੇਗਾ ਕਿ ਬੋਰਡਿੰਗ ਸਕੂਲ ਇੱਕ ਆਮ ਸਕੂਲ ਨਾਲੋਂ ਕਈ ਤਰ੍ਹਾਂ ਦੀਆਂ ਵਾਧੂ-ਪਾਠਕ੍ਰਮ ਗਤੀਵਿਧੀਆਂ ਦੀ ਪੇਸ਼ਕਸ਼ ਕਰਦੇ ਹਨ। ਇੱਕ ਬੋਰਡਿੰਗ ਸਕੂਲ ਨੂੰ ਵਿਦਿਆਰਥੀਆਂ ਦੇ ਹਿੱਤਾਂ ਨੂੰ ਕਾਇਮ ਰੱਖਣਾ ਹੁੰਦਾ ਹੈ ਅਤੇ ਹੋਰ ਦਾਖਲੇ ਆਕਰਸ਼ਿਤ ਕਰਨ ਲਈ ਉਹਨਾਂ ਨੂੰ ਇਹ ਪੇਸ਼ਕਸ਼ ਕਰਨੀ ਪੈਂਦੀ ਹੈ। ਇਹ ਸਿਰਫ ਬੱਚਿਆਂ ਦੇ ਹੱਕ ਵਿੱਚ ਜਾਂਦਾ ਹੈ ਕਿਉਂਕਿ ਉਹਨਾਂ ਨੂੰ ਇੱਕ ਆਮ ਜੀਵਨ ਵਿੱਚ ਇਹਨਾਂ ਦਾ ਅਨੁਭਵ ਕਰਨ ਦਾ ਮੌਕਾ ਨਹੀਂ ਮਿਲਦਾ। ਸਾਹਸ ਦੀ ਭਾਵਨਾ ਇਹਨਾਂ ਗਤੀਵਿਧੀਆਂ ਦੁਆਰਾ ਪ੍ਰਾਪਤ ਕੀਤੀ ਜਾਂਦੀ ਹੈ ਜਿਸ ਵਿੱਚ ਚੱਟਾਨ ਚੜ੍ਹਨਾ, ਬੋਟਿੰਗ, ਰਾਫਟਿੰਗ, ਕੈਂਪਿੰਗ, ਪੈਰਾਗਲਾਈਡਿੰਗ ਆਦਿ ਸ਼ਾਮਲ ਹਨ। ਖੇਡਾਂ, ਸ਼ਿਲਪਕਾਰੀ, ਸੰਗੀਤ, ਥੀਏਟਰ ਆਦਿ ਵਰਗੀਆਂ ਸਧਾਰਣ ਸਹਿ-ਪਾਠਕ੍ਰਮ ਗਤੀਵਿਧੀਆਂ ਵੀ ਵਿਦਿਆਰਥੀਆਂ ਦੀਆਂ ਛੁਪੀਆਂ ਪ੍ਰਤਿਭਾਵਾਂ ਨੂੰ ਸਾਹਮਣੇ ਲਿਆਉਂਦੀਆਂ ਹਨ ਜੋ ਕਿ ਨਹੀਂ ਤਾਂ ਅਣਵਰਤੀਆਂ ਰਹਿਣਗੀਆਂ। ਇਹ ਗਤੀਵਿਧੀਆਂ ਆਮ ਰੁਟੀਨ ਤੋਂ ਇੱਕ ਬ੍ਰੇਕ ਵੀ ਪ੍ਰਦਾਨ ਕਰਦੀਆਂ ਹਨ ਅਤੇ ਉਨ੍ਹਾਂ ਦੇ ਦਿਮਾਗ ਨੂੰ ਤਰੋਤਾਜ਼ਾ ਕਰਦੀਆਂ ਹਨ। ਇਸ ਤਰ੍ਹਾਂ ਸਹਿ-ਪਾਠਕ੍ਰਮ ਦੀਆਂ ਗਤੀਵਿਧੀਆਂ ਦੀ ਭੂਮਿਕਾ ਕਈ ਗੁਣਾ ਹੈ।

*ਜ਼ਿੰਮੇਵਾਰ ਨਾਗਰਿਕ:* ਜਦੋਂ ਇੱਕ ਵਿਦਿਆਰਥੀ ਉੱਚ ਬੁੱਧੀ ਹਾਸਲ ਕਰਦਾ ਹੈ, ਉੱਨਤ ਸਮਾਜਿਕ ਹੁਨਰ ਹਾਸਲ ਕਰਦਾ ਹੈ, ਸਮਾਜਕ ਤੌਰ 'ਤੇ ਸਵੀਕਾਰ ਕੀਤੇ ਨਿੱਜੀ ਗੁਣਾਂ ਨਾਲ ਭਰਪੂਰ ਹੁੰਦਾ ਹੈ ਤਾਂ ਅੰਤਮ ਨਤੀਜਾ ਇੱਕ ਚੰਗਾ ਨਾਗਰਿਕ ਹੁੰਦਾ ਹੈ ਜੋ ਜ਼ੁੰਮੇਵਾਰ ਹੁੰਦਾ ਹੈ ਅਤੇ ਆਪਣੇ ਬੁਨਿਆਦੀ ਅਧਿਕਾਰਾਂ ਅਤੇ ਕਰਤੱਵਾਂ ਨੂੰ ਸਮਝਦਾ ਹੈ। ਅਜਿਹਾ ਵਿਅਕਤੀ ਕਾਨੂੰਨ ਦਾ ਸਤਿਕਾਰ ਕਰਦਾ ਹੈ ਅਤੇ ਲੋੜ ਪੈਣ 'ਤੇ ਨਿਆਂ ਲਈ ਲੜੇਗਾ। ਅਜਿਹੇ ਵਿਅਕਤੀ ਵੱਡੇ ਹੋ ਕੇ ਯੋਗ ਨੇਤਾ ਬਣਦੇ ਹਨ ਜੋ ਫਿਰਕੂ ਟਕਰਾਅ ਅਤੇ ਗੰਦੀ ਰਾਜਨੀਤੀ ਤੋਂ ਮੁਕਤ ਸ਼ਾਂਤੀਪੂਰਨ ਸਹਿਹੋਂਦ ਨੂੰ ਯਕੀਨੀ ਬਣਾਉਂਦੇ ਹਨ।

*ਮੁਸੀਬਤ ਵਾਲੇ ਜੋੜਿਆਂ ਦੇ ਬੱਚਿਆਂ ਲਈ ਸੁਰੱਖਿਅਤ ਪਨਾਹਗਾਹ:* ਮੁਸੀਬਤਾਂ ਵਾਲੇ ਵਿਆਹ ਜਾਂ ਪਰੇਸ਼ਾਨ ਮਾਪੇ ਆਪਣੇ ਬੱਚਿਆਂ ਦੀ ਦੇਖਭਾਲ ਕਰਨ ਲਈ ਨਾਕਾਫ਼ੀ ਹਨ, ਉਨ੍ਹਾਂ ਦੇ ਅਕਾਦਮਿਕ ਦੀ ਦੇਖਭਾਲ ਨੂੰ ਛੱਡ ਦਿਓ। ਅਜਿਹੇ ਹਾਲਾਤ ਵਿੱਚ, ਇਹ ਅਨੁਕੂਲ ਹੈ ਕਿ ਬੱਚੇ ਪ੍ਰਭਾਵਿਤ ਨਾ ਹੋਣ ਅਤੇ ਇੱਕ ਬੋਰਡਿੰਗ ਸਕੂਲ ਬਹੁਤ ਮਦਦਗਾਰ ਹੋ ਸਕਦਾ ਹੈ. ਬੇਲੋੜੀ ਪਰੇਸ਼ਾਨੀ ਤੋਂ ਮੁਕਤ ਵਿਅਕਤੀ ਬਦਕਿਸਮਤੀ ਦੇ ਬੋਝ ਦੁਆਰਾ ਹੌਲੀ ਹੋਣ ਦੀ ਬਜਾਏ ਆਪਣੇ ਆਉਣ ਵਾਲੇ ਜੀਵਨ ਵੱਲ ਦੇਖ ਸਕਦਾ ਹੈ।

*ਪਛੜੇ ਖੇਤਰਾਂ ਦੇ ਬੱਚਿਆਂ ਲਈ ਸਿੱਖਿਆ ਦਾ ਮੌਕਾ:* ਦੂਰ-ਦੁਰਾਡੇ ਦੇ ਖੇਤਰ ਭੂਗੋਲਿਕ ਅਤੇ ਹੋਰ ਕਾਰਕਾਂ ਕਰਕੇ ਪਛੜੇ ਹੋਏ ਹਨ। ਅਜਿਹੇ ਖੇਤਰ ਵਿੱਚ ਸਿੱਖਿਆ ਜਾਂ ਤਾਂ ਗੈਰ-ਮੌਜੂਦ, ਨਾਕਾਫ਼ੀ ਜਾਂ ਘੱਟ ਪ੍ਰਭਾਵਸ਼ਾਲੀ ਹੈ। ਬੋਰਡਿੰਗ ਸਕੂਲ ਨਾ ਸਿਰਫ਼ ਰੋਜ਼ਾਨਾ ਦੇ ਕੰਮਾਂ ਦੀਆਂ ਮੁਢਲੀਆਂ ਮੁਸ਼ਕਲਾਂ ਨੂੰ ਸੌਖਾ ਕਰਦੇ ਹਨ ਸਗੋਂ ਸਿੱਖਿਆ ਵੀ ਪ੍ਰਦਾਨ ਕਰਦੇ ਹਨ ਜੋ ਉਸ ਖੇਤਰ ਦੇ ਵਿਕਾਸ ਵਿੱਚ ਇੱਕ ਏਜੰਟ ਬਣ ਸਕਦੇ ਹਨ ਜਿਸ ਨਾਲ ਉਹ ਸਬੰਧਤ ਹਨ। ਅਜਿਹੇ ਪੜ੍ਹੇ-ਲਿਖੇ ਵਿਅਕਤੀ ਦੇਸ਼ ਦੇ ਕਰਮਚਾਰੀਆਂ ਦੀ ਰੁਜ਼ਗਾਰ ਯੋਗਤਾ ਨੂੰ ਵੀ ਵਧਾਉਂਦੇ ਹਨ।

## ਬੋਰਡਿੰਗ ਸਕੂਲਾਂ ਦੇ ਨੁਕਸਾਨ

*ਨਕਾਰਾਤਮਕ ਪ੍ਰਭਾਵ:* ਘਰ ਤੋਂ ਦੂਰ ਵਿਦਿਆਰਥੀ ਬਜ਼ੁਰਗਾਂ, ਸਟਾਫ਼ ਅਤੇ ਹੋਰ ਤੱਤਾਂ ਤੋਂ ਨਕਾਰਾਤਮਕ ਪ੍ਰਭਾਵਾਂ ਦਾ ਸ਼ਿਕਾਰ ਹੁੰਦੇ ਹਨ। ਇਹ ਚੰਗੀ ਤਰ੍ਹਾਂ ਦੇਖਿਆ ਗਿਆ ਹੈ ਕਿ ਮਨੁੱਖੀ ਰੁਝਾਨ ਨਕਾਰਾਤਮਕ ਕੰਮਾਂ ਵੱਲ ਵਧੇਰੇ ਝੁਕਾਅ ਹੈ ਜੋ ਸਵੈ-ਵਿਨਾਸ਼ਕਾਰੀ ਵੀ ਹੋ ਸਕਦੇ ਹਨ। ਬਦਮਾਸ਼ੀ, ਗੁਪਤ ਤੌਰ 'ਤੇ ਸਿਗਰਟਨੋਸ਼ੀ, ਜਾਨਲੇਵਾ ਸਟੰਟ, ਅਣਉਚਿਤ ਸਲਾਹ, ਨੁਕਸਾਨਦੇਹ ਪ੍ਰਯੋਗ, ਪੋਰਨ ਦੇਖਣਾ, ਪਦਾਰਥਾਂ ਦੀ ਲਤ, ਸਕੂਲ ਦੀ ਜਾਇਦਾਦ ਨੂੰ ਤਬਾਹ ਕਰਨਾ, ਪ੍ਰਬੰਧਕਾਂ ਨੂੰ ਪਰੇਸ਼ਾਨ ਕਰਨਾ ਆਦਿ ਗਤੀਵਿਧੀਆਂ ਦੀ ਲੰਮੀ ਸੂਚੀ ਵਿੱਚੋਂ ਕੁਝ ਹਨ ਜਿਨ੍ਹਾਂ ਦਾ ਵਿਦਿਆਰਥੀਆਂ 'ਤੇ ਮਾੜਾ ਪ੍ਰਭਾਵ ਪੈਂਦਾ ਹੈ। ਇਹ ਲੰਬੀ ਉਮਰ ਦੀ ਆਦਤ ਬਣ ਸਕਦੇ ਹਨ ਅਤੇ ਮਾਨਸਿਕ ਅਤੇ ਸਰੀਰਕ ਸਿਹਤ ਨੂੰ ਬੁਰੀ ਤਰ੍ਹਾਂ ਪ੍ਰਭਾਵਿਤ ਕਰ ਸਕਦੇ ਹਨ।

*ਦੁਰਵਿਵਹਾਰ ਦੀ ਸੰਭਾਵਨਾ:* ਕਾਲਜ ਦੇ ਮਾਹੌਲ ਵਿੱਚ ਰੈਗਿੰਗ ਅਤੇ ਧੱਕੇਸ਼ਾਹੀ ਆਮ ਤੌਰ 'ਤੇ ਹੁੰਦੀ ਹੈ ਪਰ ਇਹ ਇੱਕ ਜਾਂ ਦੂਜੇ ਰੂਪ ਵਿੱਚ ਮੌਜੂਦ ਹਨ। ਖੇਤਰ, ਵਰਗ ਆਦਿ ਦੇ ਅਧਾਰ 'ਤੇ ਸਮੂਹਾਂ ਜਾਂ ਗਰੋਹਾਂ ਦਾ ਗਠਨ ਸੰਘਰਸ਼ ਦਾ ਕਾਰਨ ਬਣ ਸਕਦਾ ਹੈ। ਸਕੂਲਾਂ ਵਿੱਚ ਅਕਸਰ ਵੱਖਰੀਆਂ ਟੀਮਾਂ ਜਾਂ ਕਲੱਬ ਹੁੰਦੇ ਹਨ ਜੋ ਵੱਖ-ਵੱਖ ਸਮਾਗਮਾਂ ਦੌਰਾਨ ਇੱਕ ਦੂਜੇ ਦੇ ਵਿਰੁੱਧ ਮੁਕਾਬਲਾ ਕਰਦੇ ਹਨ। ਇਹਨਾਂ ਦਾ ਉਦੇਸ਼ ਵਿਦਿਆਰਥੀਆਂ ਵਿੱਚ ਸਿਹਤਮੰਦ ਮੁਕਾਬਲਾ ਪੈਦਾ ਕਰਨਾ ਹੁੰਦਾ ਹੈ ਪਰ ਕਈ ਵਾਰ ਇਹ ਹਿੰਸਾ ਵਿੱਚ ਵੀ ਵੱਧ ਸਕਦਾ ਹੈ। ਕਾਲਜਾਂ ਵਿੱਚ ਆਪਣੇ ਬਜ਼ੁਰਗ ਹਮਰੁਤਬਾ ਤੋਂ ਪ੍ਰੇਰਿਤ ਹੋ ਕੇ, ਕੁਝ ਵਿਦਿਆਰਥੀਆਂ ਨੇ ਛੋਟੇ ਕੈਡਿਟਾਂ 'ਤੇ ਹਾਵੀ ਹੋਣ ਲਈ ਪਹਿਲਕਦਮੀਆਂ ਕੀਤੀਆਂ ਹਨ। ਉਹ ਰੋਜ਼ਾਨਾ ਦੇ ਕੰਮ ਕਰ ਸਕਦੇ ਹਨ ਜਾਂ ਸਕੂਲ ਦੇ ਸਮੇਂ ਤੋਂ ਬਾਅਦ ਉਹਨਾਂ ਨੂੰ ਬੇਇੱਜ਼ਤ ਕਰ ਸਕਦੇ ਹਨ ਜਦੋਂ ਆਲੇ ਦੁਆਲੇ ਘੱਟ ਅਨੁਸ਼ਾਸਨੀ ਹੁੰਦੀ ਹੈ।

*ਪਰਿਵਾਰਕ ਕਦਰਾਂ-ਕੀਮਤਾਂ ਤੋਂ ਦੂਰੀ:* ਇੱਕ ਵੱਡਾ ਨੁਕਸ ਜਿਸ ਤੋਂ ਬੋਰਡਿੰਗ ਸਕੂਲ ਹਮੇਸ਼ਾ ਪੀੜਤ ਹੋਣਗੇ, ਉਹ ਹੈ ਮਾਪਿਆਂ ਦੀ ਗੈਰ-ਮੌਜੂਦਗੀ ਅਤੇ ਪਰਿਵਾਰ ਨਾਲ ਸਬੰਧ ਰੱਖਣ ਦੀ ਭਾਵਨਾ। ਖੂਨ ਦੇ ਰਿਸ਼ਤਿਆਂ ਨੂੰ ਨਕਲੀ ਰਿਸ਼ਤਿਆਂ ਨਾਲ ਨਹੀਂ ਬਦਲਿਆ ਜਾ ਸਕਦਾ। ਇੱਕ ਵਿਦਿਆਰਥੀ ਘਰ ਦੇ ਅੰਦਰ ਜੋ ਕੁਝ ਹਾਸਲ ਕਰਦਾ ਹੈ, ਉਹ ਸਿੱਖਿਆ ਨਹੀਂ ਜਾ ਸਕਦਾ, ਇਹ ਕੇਵਲ ਹਾਸਲ ਕੀਤਾ ਜਾ ਸਕਦਾ ਹੈ। ਪਿਆਰ, ਬੰਧਨ, ਸਾਂਝ, ਏਕਤਾ, ਸੁਰੱਖਿਆ ਆਦਿ ਸਕੂਲਾਂ ਦੁਆਰਾ ਪ੍ਰਦਾਨ ਕੀਤੇ ਜਾਂਦੇ ਹਨ ਪਰ ਇਹ ਇੱਕੋ ਜਿਹੇ ਨਹੀਂ ਹਨ। ਇੱਕ ਵਿਅਕਤੀ ਜੋ ਆਪਣੇ ਪਰਿਵਾਰ ਨਾਲ ਘੱਟ ਸਮਾਂ ਬਿਤਾਉਂਦਾ ਹੈ ਉਹ ਪਰਿਵਾਰਕ ਕਦਰਾਂ-ਕੀਮਤਾਂ ਦਾ ਵਿਕਾਸ ਨਹੀਂ ਕਰ ਸਕਦਾ ਹੈ ਜੋ ਪਰਿਵਾਰ ਦੀ ਹੋਂਦ ਲਈ ਜ਼ਰੂਰੀ ਹਨ। ਉਹ ਭਾਵਨਾਤਮਕ ਉਥਲ-ਪੁਥਲ ਤੋਂ ਪੀੜਿਤ ਹੋ ਸਕਦੇ ਹਨ ਅਤੇ ਹੋ ਸਕਦਾ ਹੈ ਕਿ ਉਹ ਪਰਿਵਾਰਕ ਮਾਹੌਲ ਵਿੱਚ ਅਨੁਕੂਲ ਨਾ ਹੋ ਸਕਣ। ਅਜਿਹਾ ਵਿਅਕਤੀ ਅਨਿਯਮਿਤ ਵਿਵਹਾਰ ਜਾਂ ਹੋਰ ਮਾਨਸਿਕ ਵਿਗਾੜਾਂ ਨੂੰ ਪ੍ਰਗਟ ਕਰ ਸਕਦਾ ਹੈ। ਸ਼ੁਰੂਆਤੀ ਪੜਾਵਾਂ ਦੌਰਾਨ ਬੱਚੇ ਦਾ ਮਨੋਵਿਗਿਆਨਕ ਵਿਕਾਸ ਅੰਦਰ ਭਾਵਨਾਤਮਕ ਟਕਰਾਅ ਤੋਂ ਬਚਣ ਲਈ ਜ਼ਰੂਰੀ ਹੈ।

*ਸੁਤੰਤਰਤਾ ਨੂੰ ਬੰਨ੍ਹਦਾ ਹੈ:* ਘਰ ਦੇ ਲਾਪਰਵਾਹੀ ਵਾਲੇ ਮਾਹੌਲ ਦੇ ਆਦੀ ਹੋਣ ਵਾਲੇ ਕਿਸ਼ੋਰਾਂ ਨੂੰ ਇਹ ਤਸੀਹੇ ਦੇ ਸਕਦੇ ਹਨ ਕਿ ਉਨ੍ਹਾਂ ਦੀ ਆਜ਼ਾਦੀ ਨੂੰ ਰੋਕ ਦਿੱਤਾ ਗਿਆ ਹੈ। 'ਕਰੋ ਅਤੇ ਨਾ ਕਰੋ' ਦੀ ਅਚਾਨਕ ਤਬਦੀਲੀ ਹੁੰਦੀ ਹੈ। ਜਦੋਂ ਕਿ ਬਹੁਤ ਸਾਰੇ ਅਨੁਕੂਲ ਹੋਣਗੇ, ਦੂਸਰੇ ਇਸਨੂੰ ਅਸਵੀਕਾਰਨਯੋਗ ਸਮਝਦੇ ਹਨ। ਜ਼ਿਆਦਾਤਰ ਪਰੇਸ਼ਾਨੀ ਵਾਲੀਆਂ ਬੰਧਨਾਂ ਹਨ - ਜ਼ਿਆਦਾਤਰ ਸਮੇਂ ਲਈ ਇਮਾਰਤਾਂ ਤੱਕ ਸੀਮਤ ਰਹਿਣਾ, ਸੀਮਤ ਆਊਟਿੰਗ, ਦੁਹਰਾਉਣ ਵਾਲੇ ਪਕਵਾਨ, ਸ਼ੇਅਰਿੰਗ ਰੂਮ, ਸਾਂਝੇ ਬਾਥਰੂਮ, ਖਰੀਦਦਾਰੀ ਦੇ ਕੁਝ ਮੌਕੇ, ਮੀਡੀਆ ਦੇ ਕੁਝ ਸਾਧਨਾਂ 'ਤੇ ਪਾਬੰਦੀ, ਪਾਰਟ-ਟਾਈਮ ਨੌਕਰੀਆਂ ਕਰਨ ਵਿੱਚ ਅਸਮਰੱਥਾ, ਮੌਜ-ਮਸਤੀ। ਮੀਂਹ ਜਾਂ ਬਰਫ਼ ਅਤੇ ਉਹ ਸਾਰੀਆਂ ਗਤੀਵਿਧੀਆਂ ਜਿਨ੍ਹਾਂ ਦੀ ਘਰ ਵਿੱਚ ਆਗਿਆ ਹੋਵੇਗੀ।

*ਭਾਵਨਾਵਾਂ ਪ੍ਰਤੀ ਉਦਾਸੀਨ ਰਵੱਈਆ:* ਇੱਕ ਨਿਸ਼ਚਿਤ ਸਮੇਂ ਲਈ ਘਰ ਤੋਂ ਦੂਰ ਰਹਿਣ ਨਾਲ ਵਿਦਿਆਰਥੀ ਦਾ ਰਵੱਈਆ ਬਦਲ ਜਾਂਦਾ ਹੈ। ਵਿਦਿਆਰਥੀ ਇੱਕ ਭਾਵਨਾਤਮਕ ਨਪੁੰਸਕਤਾ ਪੈਦਾ ਕਰ ਸਕਦੇ ਹਨ ਜਿਸ ਵਿੱਚ ਕੋਈ ਵਿਅਕਤੀ ਕੁਝ ਖਾਸ ਭਾਵਨਾਵਾਂ ਜਿਵੇਂ ਕਿ ਪਿਆਰ, ਦਇਆ, ਦਿਆਲਤਾ, ਨਫ਼ਰਤ ਅਤੇ ਹੋਰ ਸਮਾਨ ਭਾਵਨਾਤਮਕ ਰਵੱਈਏ ਲਈ ਸੁੰਨ ਹੋ ਸਕਦਾ ਹੈ। ਇਹ ਰਵੱਈਆ ਸਟਾਫ ਅਤੇ ਬਜ਼ੁਰਗ ਬੋਰਡਰਾਂ ਦੁਆਰਾ ਪ੍ਰੇਰਿਤ ਕੀਤਾ ਜਾ ਸਕਦਾ ਹੈ ਜੋ ਆਪਣੇ ਆਪ ਨੂੰ ਇਸ ਤਰ੍ਹਾਂ ਦਰਸਾਉਂਦੇ ਹਨ। ਉਹ ਆਪਣੇ ਪਰਿਵਾਰ ਦੇ ਦੁੱਖਾਂ ਪ੍ਰਤੀ ਉਦਾਸੀਨਤਾ ਦਿਖਾ ਸਕਦੇ ਹਨ ਜਾਂ ਐਮਰਜੈਂਸੀ 'ਤੇ ਪ੍ਰਤੀਕਿਰਿਆ ਨਹੀਂ ਕਰ ਸਕਦੇ ਜਿਵੇਂ ਕਿ ਆਮ ਵਿਅਕਤੀ ਕਰਦੇ ਹਨ।

*ਸੁਆਰਥ ਦਾ ਵਿਕਾਸ:* ਸਵੈ-ਨਿਰਭਰ ਅਤੇ ਸੁਤੰਤਰ ਹੋਣ ਦੇ ਵੀ ਨੁਕਸਾਨ ਹਨ। ਨਿੱਜੀ ਲੋੜਾਂ ਦਾ ਧਿਆਨ ਰੱਖਦੇ ਹੋਏ ਵਿਅਕਤੀ ਸੁਆਰਥੀ ਬਣ ਜਾਂਦਾ ਹੈ। ਇਹ ਉਹਨਾਂ ਬੱਚਿਆਂ ਨਾਲ ਅਜੀਬ ਹੈ ਜੋ ਬਹੁਤ ਜ਼ਿਆਦਾ ਪ੍ਰਤੀਯੋਗੀ ਬਣ ਜਾਂਦੇ ਹਨ ਜਦੋਂ ਉਹ ਇੱਕ ਬੋਰਡਿੰਗ ਸਕੂਲ ਵਿੱਚ ਉਹਨਾਂ ਦੇ ਸ਼ਾਮਲ ਹੋਣ ਨੂੰ ਉਹਨਾਂ ਦੇ ਮਾਪਿਆਂ ਦੀ ਇੱਕ ਸੁਆਰਥੀ ਕਾਰਵਾਈ ਸਮਝਦੇ ਹਨ। ਜਦੋਂ ਉਨ੍ਹਾਂ ਤੋਂ ਆਪਣੇ ਆਪ ਹੋਣ ਦੀ ਉਮੀਦ ਕੀਤੀ ਜਾਂਦੀ ਹੈ, ਤਾਂ ਉਹ ਦੂਜਿਆਂ ਤੋਂ ਵੀ ਅਜਿਹਾ ਕਰਨ ਦੀ ਉਮੀਦ ਕਰਦੇ ਹਨ। ਇਸ ਮੁੱਦੇ 'ਤੇ ਉਨ੍ਹਾਂ ਦੀ ਦ੍ਰਿੜਤਾ ਉਨ੍ਹਾਂ ਨੂੰ ਦੂਜਿਆਂ ਦੀ ਭਲਾਈ ਬਾਰੇ ਸੋਚਣ ਨਹੀਂ ਦਿੰਦੀ। ਸ਼ੇਅਰਿੰਗ ਅਤੇ ਏਕਤਾ ਪ੍ਰਭਾਵਿਤ ਬੱਚਿਆਂ ਲਈ ਬਹੁਤ ਮਹੱਤਵ ਨਹੀਂ ਰੱਖਦੀ। ਅਜਿਹੇ ਵਿਅਕਤੀ ਬਹੁਤ ਸਾਰੇ ਕਾਰੋਬਾਰੀਆਂ ਅਤੇ ਸਿਆਸਤਦਾਨਾਂ ਦੇ ਪ੍ਰਤੀਬਿੰਬ ਹੁੰਦੇ ਹਨ।

*ਭੈਣ-ਭਰਾ ਦੀ ਦੁਸ਼ਮਣੀ ਦਾ ਪ੍ਰਚਾਰ:* ਬੱਚਿਆਂ ਵਿੱਚ ਭੈਣ-ਭਰਾ ਦੀ ਦੁਸ਼ਮਣੀ ਇੱਕ ਆਮ ਘਟਨਾ ਹੈ। ਪਰ ਇਹ ਆਪਣੀ ਉਚਾਈ ਤੱਕ ਪਹੁੰਚ ਸਕਦਾ ਹੈ ਜਦੋਂ ਇੱਕ ਪਰਿਵਾਰ ਵਿੱਚ ਇੱਕ ਛੋਟੇ ਜਾਂ ਵੱਡੇ ਬੱਚੇ ਨੂੰ ਬੋਰਡਿੰਗ ਸਕੂਲ ਵਿੱਚ ਭੇਜਿਆ ਜਾਂਦਾ ਹੈ। ਜ਼ਿਆਦਾਤਰ ਬਜ਼ੁਰਗ ਨੂੰ ਭੇਜਿਆ ਜਾਂਦਾ ਹੈ ਅਤੇ ਇਹ ਸਮੀਕਰਨ ਨੂੰ ਛੋਟੇ ਦੇ ਹੱਕ ਵਿੱਚ ਝੁਕਾਉਂਦਾ ਹੈ ਜੋ ਘਰ ਦੀਆਂ ਸੁੱਖ-ਸਹੂਲਤਾਂ ਦਾ ਆਨੰਦ ਮਾਣਦਾ ਹੈ। ਅਤੇ ਜੇਕਰ ਬਾਅਦ ਵਿੱਚ ਮਾਤਾ-ਪਿਤਾ ਇਸ ਨੂੰ ਬੇਇਨਸਾਫ਼ੀ ਸਮਝਦੇ ਹਨ ਅਤੇ ਛੋਟੇ ਨੂੰ ਹੋਸਟਲ ਵਿੱਚ ਭੇਜਦੇ ਹਨ, ਤਾਂ ਵੱਡਾ ਇਹ ਯਕੀਨੀ ਬਣਾਏਗਾ ਕਿ ਦੂਜੇ ਨੂੰ ਉਸ ਨੇ ਜੋ ਕੁਝ ਵੀ ਸਹਿਣ ਕੀਤਾ ਹੈ ਉਸ ਦਾ ਪਹਿਲਾ ਹੱਥ ਅਨੁਭਵ ਪ੍ਰਾਪਤ ਕਰ ਲਵੇ। ਜਦੋਂ ਕਿ ਭੈਣ-ਭਰਾ ਦੀ ਦੁਸ਼ਮਣੀ ਆਮ ਹੈ ਪਰ ਇਹ ਬਾਲਗ ਹੋਣ ਤੱਕ ਜਾਰੀ ਰਹਿੰਦੀ ਹੈ ਅਤੇ ਦੁਸ਼ਮਣੀ ਵਿੱਚ ਬਦਲ ਸਕਦੀ ਹੈ।

*ਜਵਾਨ ਮਨ ਦੀ ਛੇਤੀ ਪਰਿਪੱਕਤਾ:* ਜ਼ੁੰਮੇਵਾਰ ਹੋਣਾ, ਸਖ਼ਤ ਅਨੁਸ਼ਾਸਨ, ਸੁਤੰਤਰਤਾ ਆਦਿ ਚੰਗੇ ਹਨ ਪਰ ਇਹ ਵਿਅਕਤੀ ਦਾ ਬਚਪਨ ਖੋਹ ਲੈਂਦੇ ਹਨ। ਬਾਲਗਤਾ ਦੀਆਂ ਗਤੀਵਿਧੀਆਂ ਦੇ ਸ਼ੁਰੂਆਤੀ ਸੰਪਰਕ ਵਿੱਚ ਇੱਕ ਆਦਮੀ ਦੇ ਦਿਮਾਗ ਵਾਲੇ ਬੱਚੇ ਦਾ ਵਿਕਾਸ ਹੁੰਦਾ ਹੈ। ਅਜਿਹੇ ਬੱਚੇ ਨਿਯਮਤ ਬੱਚਿਆਂ ਦੀ ਸੰਗਤ ਵਿੱਚ ਅਲੱਗ-ਥਲੱਗ ਅਤੇ ਅਸਧਾਰਨ ਮਹਿਸੂਸ ਕਰ ਸਕਦੇ ਹਨ। ਜਦੋਂ ਕਿ ਆਮ ਬੱਚੇ ਮੌਜ-ਮਸਤੀ ਕਰਦੇ ਹਨ, ਇੱਕ ਪਰਿਪੱਕ ਦਿਮਾਗ ਇਹਨਾਂ ਗਤੀਵਿਧੀਆਂ ਨੂੰ ਸਮੇਂ ਦੀ ਬਰਬਾਦੀ ਸਮਝਦਾ ਹੈ। ਇਹ ਗੁਣ ਵਿਆਹ ਰਾਹੀਂ ਅਗਲੀ ਪੀੜ੍ਹੀ ਤੱਕ ਪਹੁੰਚ ਸਕਦਾ ਹੈ ਅਤੇ ਅਸੀਂ ਬੱਚਿਆਂ ਨੂੰ ਬਾਲਗਾਂ ਵਾਂਗ ਕੰਮ ਕਰਦੇ ਦੇਖਦੇ ਹਾਂ। ਆਪਣੀ ਉਮਰ ਤੋਂ ਬਾਹਰ ਕੰਮ ਕਰਨ ਵਾਲੇ ਬੱਚੇ ਅਸਾਧਾਰਨ ਦਿਖਾਈ ਦੇ ਸਕਦੇ ਹਨ ਪਰ ਇਹ ਉਨ੍ਹਾਂ ਦੀ ਮਾਸੂਮੀਅਤ ਨੂੰ ਮਾਰ ਦਿੰਦਾ ਹੈ। ਉਨ੍ਹਾਂ ਕੋਲ ਬੁੱਧੀ ਹੋ ਸਕਦੀ ਹੈ ਪਰ ਉਨ੍ਹਾਂ ਕੋਲ ਤਜਰਬਾ ਨਹੀਂ ਹੈ, ਇਸ ਲਈ ਉਹ ਗੰਭੀਰ ਗਲਤੀਆਂ ਕਰ ਸਕਦੇ ਹਨ। ਅਜਿਹੀ ਆਬਾਦੀ ਦੇ ਨਤੀਜੇ ਵਜੋਂ ਸਮੂਹ ਨੈਤਿਕ ਕਦਰਾਂ-ਕੀਮਤਾਂ ਵਿੱਚ ਅਵਿਸ਼ਵਾਸ ਅਤੇ ਅਵਿਸ਼ਵਾਸ ਪੈਦਾ ਹੋਵੇਗਾ ਅਤੇ ਅੰਤ ਵਿੱਚ ਸਮਾਜ ਨੂੰ ਤਬਾਹ ਕਰ ਦੇਵੇਗਾ।

*ਸਮਾਜਿਕ ਤੌਰ 'ਤੇ ਅਲੱਗ-ਥਲੱਗ ਵਿਅਕਤੀ:* ਹੋਸਟਲ ਜੀਵਨ ਦੇ ਵੱਖ-ਵੱਖ ਵਿਅਕਤੀਆਂ 'ਤੇ ਵੱਖੋ-ਵੱਖਰੇ ਪ੍ਰਭਾਵ ਹੁੰਦੇ ਹਨ।ਅਜਿਹੇ ਇੱਕ ਪ੍ਰਭਾਵ ਨੂੰ ਆਸਾਨੀ ਨਾਲ 'ਲੋਨ ਰੇਂਜਰ ਇਫੈਕਟ' ਕਿਹਾ ਜਾ ਸਕਦਾ ਹੈ, ਆਸਾਨ ਸ਼ਬਦਾਂ ਵਿੱਚ, ਵੱਡੇ ਪੱਧਰ 'ਤੇ ਇਕਾਂਤ ਦੀ ਜ਼ਿੰਦਗੀ ਜੀਉਂਦਾ ਹੈ। ਇਹ ਬੱਚੇ ਸ਼ਾਇਦ ਇਕੱਲੇਪਣ ਬਾਰੇ ਸ਼ਿਕਾਇਤ ਨਾ ਕਰਦੇ ਹੋਣ ਪਰ ਅੰਦਰੋਂ ਉਨ੍ਹਾਂ ਨੇ ਆਪਣੇ ਆਪ ਨੂੰ ਅਲੱਗ-ਥਲੱਗ ਜੀਵਨ ਲਈ ਨਿਪਟਾਇਆ ਹੈ। ਆਪਣੇ ਆਲੇ ਦੁਆਲੇ ਦੇ ਬੱਚਿਆਂ ਦੇ ਸਾਰੇ ਉਤਸ਼ਾਹ ਦੇ ਵਿਚਕਾਰ, ਉਹ ਆਪਣੇ ਆਪ ਨੂੰ ਇੱਕ ਵਿਅਕਤੀ ਦੇ ਰੂਪ ਵਿੱਚ ਸਮਝਦਾ ਹੈ ਜਿਸਨੂੰ ਆਪਣੇ ਆਪ ਜੀਵਨ ਜਿਉਣ ਦੀ ਸਿਖਲਾਈ ਦਿੱਤੀ ਜਾ ਰਹੀ ਹੈ। ਅਜਿਹਾ ਇਸ ਲਈ ਹੁੰਦਾ ਹੈ ਕਿਉਂਕਿ ਅਣਜਾਣੇ ਵਿੱਚ ਉਹ ਇੱਕ ਅਲੱਗ-ਥਲੱਗ ਜੀਵਨ ਜੀਉਣ ਦਾ ਵਿਚਾਰ ਪ੍ਰਾਪਤ ਕਰ ਲੈਂਦੇ ਹਨ। ਦੂਸਰੇ ਇਸ ਨੂੰ ਬਦਲਾ ਲੈਂਦੇ ਹਨ ਜਿਵੇਂ ਕਿ ਉਹ ਆਪਣੇ ਮਾਪਿਆਂ ਨੂੰ ਦਿਖਾਉਣਾ ਚਾਹੁੰਦੇ ਹਨ ਕਿ ਇਕੱਲੇ ਜੀਵਨ ਜੀਣ ਦਾ ਕੀ ਮਤਲਬ ਹੈ. ਇਹ ਕੋਈ ਆਮ ਘਟਨਾ ਨਹੀਂ ਹੈ ਪਰ ਇਹ ਸਮਾਜ ਪ੍ਰਤੀ ਨਫ਼ਰਤ ਰੱਖਣ ਵਾਲੇ ਸਮਾਜਕ ਰੋਗੀਆਂ ਨੂੰ ਪੈਦਾ ਕਰਦੀ ਹੈ।

*ਇਨਫਰਿਓਰਿਟੀ ਕੰਪਲੈਕਸ:* ਹਰ ਕਿਸਮ ਦੇ ਸਮਾਜਿਕ-ਆਰਥਿਕ ਪਿਛੋਕੜ ਵਾਲੇ ਕਿਸ਼ੋਰ ਇੱਕ ਬੋਰਡਿੰਗ ਸਕੂਲ ਵਿੱਚ ਇਕੱਠੇ ਪੜ੍ਹਦੇ ਹਨ। ਕੁਝ ਚੰਗੇ ਪਰਿਵਾਰ ਵਾਲੇ ਆਪਣੀ ਦੌਲਤ ਦਾ ਪ੍ਰਦਰਸ਼ਨ ਕਰਨਗੇ ਅਤੇ ਇਸ ਬਾਰੇ ਸ਼ੇਖੀ ਮਾਰਨਗੇ। ਔਸਤ ਪਰਿਵਾਰਾਂ ਦੇ ਲੋਕ ਸਿੱਧੇ ਜਾਂ ਅਸਿੱਧੇ ਤੌਰ 'ਤੇ ਛੇੜਛਾੜ ਅਤੇ ਅਪਮਾਨ ਦਾ ਨਿਸ਼ਾਨਾ ਬਣ ਜਾਂਦੇ ਹਨ। ਇਹ ਉਹਨਾਂ ਲਈ ਇੱਕ ਝਟਕਾ ਹੈ ਅਤੇ ਉਹਨਾਂ ਵਿੱਚ ਇੱਕ ਹੀਣ ਭਾਵਨਾ ਪੈਦਾ ਹੁੰਦੀ ਹੈ, ਜੋ ਉਹਨਾਂ ਦੇ ਆਮ ਵਿਵਹਾਰ ਨੂੰ ਪ੍ਰਭਾਵਿਤ ਕਰਦੀ ਹੈ। ਇਹ ਕੰਪਲੈਕਸ ਕਿਸੇ ਵਿਅਕਤੀ ਦੀ ਬੁੱਧੀ ਦੇ ਸਹੀ ਵਿਕਾਸ ਅਤੇ ਸਮਾਜਿਕ ਵਾਤਾਵਰਣ ਵਿੱਚ ਵਿਕਾਸ ਨੂੰ ਵਿਗਾੜ ਸਕਦਾ ਹੈ। ਉੱਤਮ ਐਥਲੀਟ ਜਾਂ ਵਧੀਆ ਵਿਦਿਆਰਥੀ, ਜਦੋਂ ਔਸਤ ਨਾਲ ਤੁਲਨਾ ਕਰਦੇ ਹਨ ਤਾਂ ਵੀ ਇਸ ਕੰਪਲੈਕਸ ਵਿੱਚ ਨਤੀਜਾ ਹੁੰਦਾ ਹੈ।

ਬੋਰਡਿੰਗ ਸਕੂਲਾਂ ਦੇ ਫਾਇਦੇ ਅਤੇ ਨੁਕਸਾਨ ਬਹੁਤ ਬਹਿਸਯੋਗ ਹਨ। ਇਨ੍ਹਾਂ 'ਤੇ ਨਜ਼ਰ ਮਾਰਦਿਆਂ, ਕੋਈ

## ਸਿੱਟਾ

ਵੀ ਬੋਰਡਿੰਗ ਸਕੂਲ ਵਿਚ ਪੜ੍ਹਨ ਦੇ ਲਾਭਾਂ ਜਾਂ ਨੁਕਸਾਨਾਂ ਨੂੰ ਨਜ਼ਰਅੰਦਾਜ਼ ਨਹੀਂ ਕਰ ਸਕਦਾ। ਨਾ ਹੀ ਕੋਈ ਇਹ ਕਹਿ ਸਕਦਾ ਹੈ ਕਿ ਬੋਰਡਿੰਗ ਸਕੂਲ ਨਿਯਮਤ ਸਕੂਲਾਂ ਨਾਲੋਂ ਬਿਹਤਰ ਜਾਂ ਮਾੜੇ ਹਨ। ਇੱਕ ਮਾਮੂਲੀ ਘਟਨਾ ਮੀਡੀਆ ਨਿਊਜ਼ ਮੀਡੀਆ ਬਣ ਜਾਂਦੀ ਹੈ ਅਤੇ ਅਕਸਰ ਅਨੁਪਾਤ ਤੋਂ ਬਾਹਰ ਸੁੱਟ ਦਿੱਤੀ ਜਾਂਦੀ ਹੈ. ਜਦੋਂ ਕਿ ਕੁਝ ਖਬਰਾਂ ਅਸਲ ਵਿੱਚ ਸੱਚੀਆਂ ਹੁੰਦੀਆਂ ਹਨ।ਇਸ ਲਈ ਕੀ ਕੀਤਾ ਜਾ ਸਕਦਾ ਹੈ?

## ਸੁਝਾਅ

ਇਹਨਾਂ ਸਕੂਲਾਂ ਵਿੱਚ ਦਾਖਲੇ ਲਈ ਇੱਕ ਨਿਸ਼ਚਿਤ ਉਮਰ ਸੀਮਾ ਲਾਗੂ ਕੀਤੀ ਜਾਣੀ ਚਾਹੀਦੀ ਹੈ।

ਹਰ ਇੱਕ ਬੱਚਾ ਇੱਕ ਦੂਜੇ ਤੋਂ ਵੱਖਰਾ ਹੁੰਦਾ ਹੈ, ਇਸਲਈ, ਇੱਕ ਬੋਰਡਿੰਗ ਸਕੂਲ ਵਿੱਚ ਵਿਅਕਤੀ ਦੀ ਅਨੁਕੂਲਤਾ ਦਾ ਪਤਾ ਲਗਾਉਣ ਲਈ ਇੱਕ ਬੁੱਧੀ ਟੈਸਟ ਬਣਾਇਆ ਜਾਣਾ ਚਾਹੀਦਾ ਹੈ ਅਤੇ ਕਰਵਾਇਆ ਜਾਣਾ ਚਾਹੀਦਾ ਹੈ।

ਬੋਰਡਿੰਗ 'ਤੇ ਵਾਰਡ ਦੇ ਠਹਿਰਨ ਦੀ ਮਿਆਦ ਇੱਕ ਜਾਇਜ਼ ਅਨੁਪਾਤ ਦੀ ਹੋਣੀ ਚਾਹੀਦੀ ਹੈ, ਜੇਕਰ ਬਰਾਬਰ ਅਨੁਪਾਤ ਦੀ ਨਹੀਂ ਹੈ। ਪੂਰੇ ਸਾਲ ਵਿੱਚ ਇੱਕ ਜਾਂ ਦੋ ਮਹੀਨੇ ਕਾਫ਼ੀ ਨਹੀਂ ਹਨ।

ਹਰ ਹਫ਼ਤੇ ਜਾਂ ਮਹੀਨੇ ਵਿੱਚ ਦੋ ਵਾਰ ਬੱਚਿਆਂ ਨਾਲ ਲਾਜ਼ਮੀ ਅਤੇ ਨਿਯਮਤ ਗੱਲਬਾਤ ਕਰਨ ਦੀ ਸਹੂਲਤ ਦਿੱਤੀ ਜਾਣੀ ਚਾਹੀਦੀ ਹੈ ਤਾਂ ਜੋ ਉਹ ਆਪਣੇ ਮੁੱਦਿਆਂ 'ਤੇ ਚਰਚਾ ਕਰ ਸਕਣ ਅਤੇ ਉਤਸ਼ਾਹ ਦੇ ਸ਼ਬਦ ਪ੍ਰਾਪਤ ਕਰ ਸਕਣ।

ਮਾਪਿਆਂ ਨੂੰ ਹਫ਼ਤਾਵਾਰੀ ਸਿਹਤ ਅਤੇ ਮਨੋ-ਵਿਸ਼ਲੇਸ਼ਣ ਦੀ ਰਿਪੋਰਟ ਕੀਤੀ ਜਾਣੀ ਚਾਹੀਦੀ ਹੈ ਤਾਂ ਜੋ ਉਹ ਆਪਣੇ ਬੱਚੇ ਦੀ ਸਥਿਤੀ ਬਾਰੇ ਲਗਾਤਾਰ ਜਾਣੂ ਰਹਿਣ।ਜੇਕਰ ਮਾਪੇ ਸ਼ੱਕੀ ਮਹਿਸੂਸ ਕਰਦੇ ਹਨ ਤਾਂ ਉਹ ਬੋਰਡਿੰਗ ਸਕੂਲਾਂ ਦਾ ਅਚਾਨਕ ਦੌਰਾ ਕਰ ਸਕਦੇ ਹਨ।

ਅੰਤ ਵਿੱਚ, ਮਾਪੇ ਆਪਣੇ ਬੱਚਿਆਂ ਦੀ ਭਲਾਈ ਦੇ ਸਭ ਤੋਂ ਵਧੀਆ ਜੱਜ ਹੁੰਦੇ ਹਨ ਕਿਉਂਕਿ ਉਹ ਉਹਨਾਂ ਦੇ ਆਪਣੇ ਖ਼ੂਨ ਅਤੇ ਹੱਡੀ ਹੁੰਦੇ ਹਨ; ਉਨ੍ਹਾਂ ਤੋਂ ਬਿਹਤਰ ਹੋਰ ਕੌਣ ਜਾਣ ਸਕਦਾ ਹੈ।

*-ਵਿਜੈ ਗਰਗ*
*ਰਿਟਾਇਰਡ ਪ੍ਰਿੰਸੀਪਲ*
*ਸਿੱਖਿਆ ਸ਼ਾਸਤਰੀ*
*ਸਾਬਕਾ ਪੀਈਐਸ-1*
*ਮਲੋਟ, ਪੰਜਾਬ।*

NEED A LAWYER ??
KAUR LAW OFFICE
Red Seal NOTARY
MANJEET KAUR
LL.B., (London UK)
Barrister, Solicitor & Notary Public
REAL ESTATE LAWYER
- Residential & Commercial
- Sale/Purchase of House
- Mortgage & Refinancing
- Drafting/Reviewing Agreements
- Title Transfer
- 2nd Mortgage
IMMIGRATION
- Skilled Worker Category
- Spousal & Family Sponsorship
- Student Permits Visa & Renewals
- PR Renewal/ Citizenship Application
FAMILY LAWYER
- Child & Spousal support
- Custody & Access
- Divorce
- Equalization
BUSINESS LAW
- Incorporation & Shareholder agreements
- Sales & Purchase of Assets & Shares
- Notarization & Affidavits
WILLS & ESTATE
- Wills
- Certificate of Estate Trustee with/without Will
- Power of attorney for Property & Personal Care
Tel : 905-454-0099
Fax: 905-454-2234
2575 Steeles Ave. E., Unit 1,Brampton, ON L6T 5T1

NATURAL HEALTH SOLUTIONS
Over 20 years Homeopathic/Holistic ways case solving experience
HOMEOPATHY / HOLISTIC ਵਿਧੀ ਰਾਹੀਂ ਬਿਮਾਰੀਆਂ ਦਾ ਇਲਾਜ ਕਰਨ ਦਾ 20 ਸਾਲ ਤੋਂ ਵੱਧ ਦਾ ਤਜੁਰਬਾ ।
ABDOMINAL, METABOLIC, SKIN ਅਤੇ ਬੱਚਿਆਂ ਨਾਲ ਸੰਬੰਧਿਤ ਬਿਮਾਰੀਆਂ ਜਿਵੇਂ ਕੇ ਭੁੱਖ ਨਾ ਲੱਗਣਾ ਅਤੇ PSYCOLOGICAL ਸੱਮਸਿਆਵਾਂ ਨੂੰ ਠੀਕ ਕਰਨ ਦਾ ਤਜੁਰਬਾ ।
ਜੇਕਰ ਕਿਤੋਂ ਹੋਰ ਇਲਾਜ ਨਹੀਂ ਹੋਇਆ ਤਾਂ ਸਾਡੇ ਨਾਲ ਸੰਪਰਕ ਕਰੋ -
ਤੁਹਾਡੀ ਭਾਸ਼ਾ ਬੋਲਦੇ - Hindi, Punjabi & English
ASHFAQ AHMAD (M.Sc.)
- Registered Ontario Homeopath
- Holistic Nutritionist
- Certified Herbalist
Phone: 647-779-5904
Address: 8 Camperdown Ave, Etobicoke.
Clinic hours: all appointment basis for client convenience

# ਪੰਜਾਬ ਸਰਕਾਰ ਨੇ ਹੁਣ ਤੱਕ ਕਿਸਾਨ ਸੰਘਰਸ਼ ਦੌਰਾਨ ਸ਼ਹੀਦ ਹੋਏ 634 ਕਿਸਾਨਾਂ ਦੇ ਵਾਰਿਸਾਂ ਨੂੰ 31 ਕਰੋੜ 70 ਲੱਖ ਰੁਪਏ ਜਾਰੀ ਕੀਤੇ : ਕੁਲਦੀਪ ਸਿੰਘ ਧਾਲੀਵਾਲ

-ਕਿਸਾਨਾਂ ਦੇ 326 ਵਾਰਿਸਾਂ ਨੂੰ ਸਰਕਾਰੀ ਨੌਕਰੀ ਦਿੱਤੀ, 98 ਨੌਕਰੀਆਂ ਲਈ ਵੈਰੀਫਿਕੇਸ਼ਨ ਮੁਕੰਮਲ ਅਤੇ 210 ਪ੍ਰਕਿਰਿਆ ਅਧੀਨ
-ਪੰਜਾਬ ਸਰਕਾਰ ਕੇਂਦਰ ਸਰਕਾਰ ਨੂੰ ਕਿਸਾਨ ਸੰਘਰਸ਼ ਦੌਰਾਨ ਪ੍ਰਵਾਨ ਕੀਤੀਆਂ ਮੰਗਾਂ ਨੂੰ ਛੇਤੀ ਅਮਲੀ ਰੂਪ ਦੇਣ ਲਈ ਪੱਤਰ ਲਿਖੇਗੀ



ਚੰਡੀਗੜ੍ਹ, 7 ਦਸੰਬਰ (ਪੋਸਟ ਬਿਊਰੋ): ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਹੁਣ ਤੱਕ ਕਿਸਾਨ ਸੰਘਰਸ਼ ਦੌਰਾਨ ਸ਼ਹੀਦ ਹੋਏ 634 ਕਿਸਾਨਾਂ ਦੇ ਵਾਰਿਸਾਂ ਨੂੰ 5 ਲੱਖ ਰੁਪਏ ਦੇ ਹਿਸਾਬ ਨਾਲ ਕੁੱਲ 31 ਕਰੋੜ 70 ਲੱਖ ਰੁਪਏ ਜਾਰੀ ਕੀਤੇ ਹਨ। ਇਸੇ ਤਰ੍ਹਾਂ ਕਿਸਾਨਾਂ ਦੇ 326 ਵਾਰਿਸਾਂ ਨੂੰ ਵੱਖ-ਵੱਖ ਵਿਭਾਗਾਂ ਵਿੱਚ ਸਰਕਾਰੀ ਨੌਕਰੀ ਦਿੱਤੀ ਜਾ ਚੁੱਕੀ ਹੈ, 98 ਨੂੰ ਨੌਕਰੀ ਦੇਣ ਲਈ ਵੈਰੀਫਿਕੇਸ਼ਨ ਮੁਕੰਮਲ ਹੋ ਗਈ ਹੈ ਜਦਕਿ 210 ਹੋਰਾਂ ਨੂੰ ਸਰਕਾਰੀ ਨੌਕਰੀ ਦੇਣ ਲਈ ਪ੍ਰਕਿਰਿਆ ਮੁਕੰਮਲ ਕੀਤੀ ਜਾ ਰਹੀ ਹੈ।

ਪੰਜਾਬ ਦੇ ਖੇਤੀਬਾੜੀ ਤੇ ਕਿਸਾਨ ਭਲਾਈ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਅੱਜ ਇੱਥੇ ਪੰਜਾਬ ਭਵਨ ਵਿਖੇ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਦੇ ਸੂਬਾ ਪ੍ਰਧਾਨ ਸਤਨਾਮ ਸਿੰਘ ਪੰਨੂ ਅਤੇ ਸੂਬਾ ਜਨਰਲ ਸਕੱਤਰ ਸਰਵਣ ਸਿੰਘ ਪੰਧੇਰ ਦੀ ਅਗਵਾਈ 'ਚ ਆਏ ਵਫ਼ਦ ਨਾਲ ਮੁਲਾਕਾਤ ਦੌਰਾਨ ਇਹ ਜਾਣਕਾਰੀ ਦਿੱਤੀ। ਉਨ੍ਹਾਂ ਕਿਸਾਨਾਂ ਦੀ ਮੰਗ ਨਾਲ ਸਹਿਮਤੀ ਪ੍ਰਗਟ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਕੇਂਦਰ ਨੂੰ ਕਿਸਾਨ ਸੰਘਰਸ਼ ਦੌਰਾਨ ਪ੍ਰਵਾਨ ਕੀਤੀਆਂ ਮੰਗਾਂ ਨੂੰ ਛੇਤੀ ਅਮਲੀ ਰੂਪ ਦੇਣ ਸਬੰਧੀ ਪੱਤਰ ਲਿਖੇਗੀ।

ਧਾਲੀਵਾਲ ਨੇ ਭਾਰਤ ਮਾਲਾ ਯੋਜਨਾ ਤਹਿਤ ਬਣਾਏ ਜਾ ਰਹੇ ਹਾਈਵੇਜ਼ ਵਿੱਚ ਕਿਸਾਨਾਂ ਦੀਆਂ ਆ ਰਹੀਆਂ ਜ਼ਮੀਨਾਂ ਸਬੰਧੀ ਮੌਕੇ 'ਤੇ ਮੌਜੂਦ ਹਾਈਵੇਅ ਨਾਲ ਸਬੰਧਤ ਅਧਿਕਾਰੀ ਨੂੰ ਕਿਹਾ ਕਿ ਜ਼ਮੀਨਾਂ ਦੇ ਰੇਟ ਨਿਰਧਾਰਤ ਕਰਨ ਸਬੰਧੀ ਇਕਸਾਰਤਾ ਵਾਲੀ ਨੀਤੀ ਅਪਣਾਈ ਜਾਵੇ। ਉਨ੍ਹਾਂ ਨੇ ਕਿਸਾਨਾਂ ਤੋਂ ਹਾਈਵੇਅ ਲਈ ਲਈਆਂ ਜਾ ਰਹੀਆਂ ਜ਼ਮੀਨਾਂ ਨਾਲ ਸਬੰਧਤ ਡਵੀਜ਼ਨਲ ਕਮਿਸ਼ਨਾਂ ਕੋਲ ਪਏ ਕੇਸਾਂ ਤੇ ਅਪੀਲਾਂ ਨੂੰ ਨਿਰਧਾਰਤ ਸਮਾਂ ਸੀਮਾਂ ਅੰਦਰ ਹੱਲ ਕਰਾਉਣ ਲਈ ਸਬੰਧਤ ਅਧਿਕਾਰੀਆਂ ਨੂੰ ਨਿਰਦੇਸ਼ ਵੀ ਦਿੱਤੇ।

ਖੇਤੀਬਾੜੀ ਮੰਤਰੀ ਨੇ ਕਿਸਾਨਾਂ ਵੱਲੋਂ ਉਠਾਈ ਗੰਨੇ ਦੇ ਭਾਅ, ਰੈਡ ਐਂਟਰੀਆਂ, ਕਿਸਾਨਾਂ 'ਤੇ ਪਏ ਕੇਸ ਵਾਪਸ ਲੈਣ ਸਹਿਕਾਰੀ ਤੇ ਨਿੱਜੀ ਮਿੱਲਾਂ ਦੇ ਬਕਾਏ, ਹੜ੍ਹਾਂ ਦੇ ਹੋਰ ਕੁਦਰਤੀ ਆਫ਼ਤਾਂ ਕਾਰਨ ਫਸਲਾਂ ਦੇ ਖਰਾਬੇ ਦੇ ਮੁਆਵਜੇ ਸਮੇਤ ਹੋਰਨਾਂ ਮੰਗਾਂ ਸਬੰਧੀ ਮੌਕੇ 'ਤੇ ਹੀ ਸਬੰਧਤ ਅਧਿਕਾਰੀਆਂ ਤੋਂ ਪ੍ਰਗਤੀ ਰਿਪੋਰਟ ਲਈ ਅਤੇ ਕਿਸਾਨਾਂ ਨਾਲ ਸਾਂਝੀ ਕੀਤੀ। ਉਨ੍ਹਾਂ ਨੇ ਕਿਸਾਨਾਂ ਨੂੰ ਦੱਸਿਆ ਕਿ ਛੇਤੀ ਹੀ ਪੰਜਾਬ ਦੀ ਖੇਤੀਬਾੜੀ ਨੀਤੀ ਤਿਆਰ ਕਰ ਲਈ ਜਾਵੇਗੀ ਅਤੇ ਜ਼ਿਆਦਾਤਰ ਮਸਲੇ ਨਵੀਂ ਨੀਤੀ ਅਮਲ 'ਚ ਆਉਣ ਨਾਲ ਹੱਲ ਹੋ ਜਾਣਗੇ।

ਧਾਲੀਵਾਲ ਨੇ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਦੇ ਮੈਂਬਰਾਂ ਨੂੰ ਆਪਣਾ ਸੰਘਰਸ਼ ਵਾਪਸ ਲੈਣ ਦੀ ਅਪੀਲ ਕਰਦਿਆਂ ਕਿਹਾ ਕਿ ਮੌਜੂਦਾ ਪੰਜਾਬ ਸਰਕਾਰ ਉਨ੍ਹਾਂ ਦੀ ਆਪਣੀ ਸਰਕਾਰ ਹੈ ਅਤੇ ਕਿਸਾਨਾਂ ਦੇ ਮਸਲੇ ਹੱਲ ਕਰਨ ਲਈ ਲਗਾਤਾਰ ਯਤਨਸ਼ੀਲ ਹੈ।

ਇਸ ਮੌਕੇ ਏ.ਡੀ.ਜੀ.ਪੀ. ਕਾਨੂੰਨ ਤੇ ਵਿਵਸਥਾ ਅਰਪਿਤ ਸ਼ੁਕਲਾ, ਪ੍ਰਮੁੱਖ ਸਕੱਤਰ ਖੇਤੀਬਾੜੀ ਡੀ. ਕੇ. ਤਿਵਾੜੀ, ਪ੍ਰਮੁੱਖ ਸਕੱਤਰ ਪਸ਼ੂ ਪਾਲਣ ਵਿਕਾਸ ਪ੍ਰਤਾਪ, ਸਕੱਤਰ ਖੇਤੀਬਾੜੀ ਅਰਸ਼ਦੀਪ ਸਿੰਘ ਥਿੰਦ, ਡਿਪਟੀ ਕਮਿਸ਼ਨਰ ਤਰਨਤਾਰਨ ਰਿਸ਼ੀਪਾਲ, ਕਮਿਸ਼ਨਰ ਪੁਲੀਸ ਅੰਮ੍ਰਿਤਸਰ ਜਸਕਰਨ ਸਿੰਘ ਅਤੇ ਡਾਇਰੈਕਟਰ ਖੇਤੀਬਾੜੀ ਗੁਰਵਿੰਦਰ ਸਿੰਘ ਤੋਂ ਇਲਾਵਾ ਪੰਜਾਬ ਦੇ ਵੱਖ-ਵੱਖ ਵਿਭਾਗਾਂ ਨਾਲ ਸਬੰਧਤ ਸੀਨੀਅਰ ਅਧਿਕਾਰੀ ਹਾਜ਼ਰ ਸਨ।

# ਹਥਿਆਰਬੰਦ ਸੈਨਾਵਾਂ ਝੰਡਾ ਦਿਵਸ ਦੀ ਸ਼ੁਰੂਆਤ ਡਿਪਟੀ ਕਮਿਸ਼ਨਰ ਨੂੰ ਟੋਕਨ ਫ਼ਲੈਗ ਲਾ ਕੇ ਕੀਤੀ

ਡਿਪਟੀ ਕਮਿਸ਼ਨਰ ਵੱਲੋਂ ਜ਼ਿਲ੍ਹਾ ਵਾਸੀਆਂ ਨੂੰ ਫ਼ਲੈਗ ਡੇਅ ਫ਼ੰਡ 'ਚ ਸਹਿਯੋਗ ਕਰਨ ਦੀ ਅਪੀਲ



ਫਿਰੋਜ਼ਪੁਰ, 7 ਦਸੰਬਰ(ਗਿਆਨ ਸਿੰਘ)ਜ਼ਿਲ੍ਹੇ 'ਚ ਹਥਿਆਰਬੰਦ ਸੈਨਾਵਾਂ ਝੰਡਾ ਦਿਵਸ ਮੌਕੇ ਫ਼ੰਡ ਇਕੱਠਾ ਕਰਨ ਦੀ ਸ਼ੁਰੂਆਤ ਅੱਜ ਡਿਪਟੀ ਕਮਿਸ਼ਨਰ ਅੰਮ੍ਰਿਤ ਸਿੰਘ ਨੂੰ ਟੋਕਨ ਫ਼ਲੈਗ ਲਾ ਕੇ ਕੀਤੀ ਗਈ। ਡਿਪਟੀ ਕਮਿਸ਼ਨਰ ਅਮ੍ਰਿਤ ਸਿੰਘ ਨੇ ਇਸ ਮੌਕੇ ਕਿਹਾ ਕਿ ਹਰ ਸਾਲ ਮਨਾਏ ਜਾਂਦੇ ਹਥਿਆਰਬੰਦ ਸੈਨਾਵਾਂ ਝੰਡਾ ਦਿਵਸ ਸਾਨੂੰ ਆਪਣੀਆਂ ਸਰਹੱਦਾਂ ਦੀ ਰਾਖੀ ਲਈ ਸ਼ਹੀਦ/ਦਿਵਿਆਂਗ ਹੋਏ ਸੈਨਿਕਾਂ ਅਤੇ ਸਾਬਕਾ ਸੈਨਿਕਾਂ ਪ੍ਰਤੀ ਮਾਣ-ਸਨਮਾਨ ਭੇਟ ਕਰਨ ਦੀ ਯਾਦ ਦਿਵਾਉਂਦਾ ਹੈ। ਉਨ੍ਹਾਂ ਕਿਹਾ ਕਿ ਇਸ ਦਿਵਸ ਮੌਕੇ ਸਾਡੇ ਵੱਲੋਂ ਦਿੱਤਾ ਜਾਂਦਾ ਫ਼ੰਡ ਦੇਸ਼ ਦੇ ਰਾਖਿਆਂ ਪ੍ਰਤੀ ਸਾਡੀ ਸੁਹਿਰਦਤਾ ਤੇ ਪ੍ਰਤੀਬੱਧਤਾ ਦਾ ਪ੍ਰਤੀਕ ਹੁੰਦਾ ਹੈ। ਉਨ੍ਹਾਂ ਫ਼ਲੈਗ ਡੇਅ ਫ਼ੰਡ ਵਿੱਚ ਆਪਣਾ ਯੋਗਦਾਨ ਪਾ ਕੇ ਇਸ ਦੀ ਸ਼ੁਰੂਆਤ ਵੀ ਕੀਤੀ। ਉਨ੍ਹਾਂ ਨੇ ਜ਼ਿਲ੍ਹੇ ਦੇ ਵੱਖ-ਵੱਖ ਸਰਕਾਰੀ ਤੇ ਗੈਰ-ਸਰਕਾਰੀ ਅਦਾਰਿਆਂ ਨੂੰ ਵੀ ਹਥਿਆਰਬੰਦ ਸੈਨਾਵਾਂ ਝੰਡਾ ਦਿਵਸ ਫ਼ੰਡ 'ਚ ਦਿਲ ਖੋਲ੍ਹ ਕੇ ਯੋਗਦਾਨ ਪਾਉਣ ਲਈ ਕਿਹਾ।

ਡਿਪਟੀ ਕਮਿਸ਼ਨਰ ਨੇ ਇਸ ਦਿਵਸ ਦੀ ਮਹੱਤਤਾ ਬਾਰੇ ਚਾਨਣਾ ਪਾਇਆ ਕਿ ਸੈਨਾ ਝੰਡਾ ਦਿਵਸ ਦੇਸ਼ ਦੇ ਅਮਰ ਸ਼ਹੀਦਾਂ ਦੀ ਯਾਦ ਸਾਡੇ ਸਭਨਾਂ ਦੇ ਮਨਾਂ ਵਿੱਚ ਤਾਜ਼ਾ ਕਰਦਾ ਹੈ, ਜਿਨ੍ਹਾਂ ਨੇ ਆਪਣਾ ਅੱਜ ਸਾਡੇ ਕੱਲ੍ਹ ਵਾਸਤੇ ਕੁਰਬਾਨ ਕੀਤਾ ਹੈ। ਇਸ ਦਿਨ ਸੁਰੱਖਿਆ ਸੈਨਾਵਾਂ ਵੱਲੋਂ ਦੇਸ਼ ਲਈ ਦਿੱਤੀਆਂ ਸੇਵਾਵਾਂ ਅਤੇ ਕੁਰਬਾਨੀਆਂ ਨੂੰ ਯਾਦ ਕੀਤਾ ਜਾਂਦਾ ਹੈ ਜਿਸ ਨਾਲ ਸੈਨਿਕਾਂ ਦੇ ਪਰਿਵਾਰਾਂ ਨੂੰ ਹੌਸਲਾ ਮਿਲਦਾ ਹੈ ਅਤੇ ਵਿਸ਼ਵਾਸ ਦਿਵਾਇਆ ਜਾਂਦਾ ਹੈ ਕਿ ਦੇਸ਼ ਦੀ ਜਨਤਾ ਹਰ ਮਾੜੇ ਅਤੇ ਚੰਗੇ ਸਮੇਂ ਵਿੱਚ ਉਨ੍ਹਾਂ ਦੇ ਨਾਲ ਹੈ। ਦੇਸ਼ ਦੀ ਏਕਤਾ ਅਤੇ ਅਖੰਡਤਾ ਨੂੰ ਬਰਕਰਾਰ ਰੱਖਣ ਲਈ ਦੁਸ਼ਮਣ ਵੱਲੋਂ ਥੋਪੀਆਂ ਲੜਾਈਆਂ ਅਤੇ ਅੱਤਵਾਦ ਖਿਲਾਫ ਸੈਨਿਕਾਂ ਨੇ ਕਾਫ਼ੀ ਸ਼ਹਾਦਤਾਂ ਪਾਈਆਂ ਹਨ ਜੋ ਕਿ ਸ਼ਲਾਘਾਯੋਗ ਹਨ। ਕਈ ਸੈਨਿਕ ਸ਼ਹੀਦ ਹੋ ਗਏ ਅਤੇ ਕਈ ਸਦਾ ਲਈ ਨਕਾਰਾ ਹੋ ਗਏ। ਅਜਿਹੇ ਸੈਨਿਕਾਂ ਦੇ ਪਰਿਵਾਰਾਂ ਦੀ ਦੇਖਭਾਲ ਕਰਨਾ ਸਰਕਾਰ ਅਤੇ ਸਮਾਜ ਦੀ ਮੁੱਢਲੀ ਜ਼ਿੰਮੇਵਾਰੀ ਬਣ ਜਾਂਦੀ ਹੈ। ਬੇਸ਼ੱਕ ਸਰਕਾਰ ਅਜਿਹੇ ਪਰਿਵਾਰਾਂ ਦੀ ਬੜੀ ਹਮਦਰਦੀ ਨਾਲ ਸਮੇਂ-ਸਮੇਂ ਤੇ ਕਈ ਪ੍ਰਕਾਰ ਦੀ ਮੱਦਦ ਕਰਦੀ ਹੈ, ਪ੍ਰੰਤੂ ਹਥਿਆਰਬੰਦ ਸੈਨਾ ਝੰਡਾ ਦਿਵਸ ਭਾਰਤ ਦੇਸ਼ ਅਤੇ ਇਸ ਸੂਬੇ ਦੇ ਹਰ ਨਾਗਰਿਕ ਨੂੰ ਆਪਣੇ ਬਹਾਦਰ ਸੈਨਿਕਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਪ੍ਰਤੀ ਸਤਿਕਾਰ ਨੂੰ ਪ੍ਰਗਟ ਕਰਨ ਲਈ ਇੱਕ ਸੁਨਿਹਰੀ ਮੌਕਾ ਪ੍ਰਦਾਨ ਕਰਦਾ ਹੈ। ਇਸ ਲਈ ਭਾਰਤ ਦੇਸ਼ ਦਾ ਹਰ ਨਾਗਰਿਕ ਝੰਡਾ ਦਿਵਸ ਮਨਾ ਕੇ ਦਿਲ ਖੋਲ ਕੇ ਦਾਨ ਕਰਦਾ ਹੈ। ਦਾਨ ਵੱਜੋਂ ਇੱਕਠਾ ਕੀਤਾ ਗਿਆ ਪੈਸਾ ਰਾਜ ਸਰਕਾਰ ਦੇ ਆਰਮਡ ਫੋਰਸ਼ਜ਼ ਫਲੈਗ ਡੇ ਫੰਡ ਵਿੱਚ ਜਮ੍ਹਾਂ ਕੀਤਾ ਜਾਂਦਾ ਹੈ ਜ਼ੋ ਕਿ ਦੇਸ਼ ਲਈ ਸ਼ਹੀਦ ਹੋਏ ਸੈਨਿਕਾਂ ਦੇ ਪਰਿਵਾਰਾਂ ਅਤੇ ਨਕਾਰਾ ਹੋਏ ਸੈਨਿਕਾਂ ਅਤੇ ਹੋਰ ਲੋੜਵੰਦ ਸਾਬਕਾ ਸੈਨਿਕਾਂ ਦੀ ਭਲਾਈ ਲਈ ਚੱਲ ਰਹੀਆਂ ਸਕੀਮਾਂ ਲਈ ਵਰਤਿਆਂ ਜਾਂਦਾ ਹੈ ।

ਡਿਪਟੀ ਕਮਿਸ਼ਨਰ ਨੇ ਇਸ ਝੰਡਾ ਦਿਵਸ ਤੇ ਸਾਰੇ ਫਿਰੋਜ਼ਪੁਰ ਜ਼ਿਲ੍ਹੇ ਦੇ ਨਾਗਰਿਕਾਂ, ਪ੍ਰਾਈਵੇਟ ਸਕੂਲਾਂ, ਕਾਲਜ਼ਾਂ, ਹਸਪਤਾਲਾਂ, ਮਹਿਕਮਿਆਂ ਅਤੇ ਸੰਸਥਾਵਾਂ ਨੂੰ ਖੁੱਲੇ ਦਿਲ ਨਾਲ ਦਾਨ ਦੇਣ ਲਈ ਅਪੀਲ ਕੀਤੀ ਅਤੇ ਕਿਹਾ ਕਿ ਆਉ ਆਪਾਂ ਵੀ ਉਨ੍ਹਾਂ ਸੂਰਬੀਰ ਸ਼ਹੀਦ ਸੈਨਿਕਾਂ ਨੂੰ ਪ੍ਰਣਾਮ ਕਰੀਏ ਜਿਨ੍ਹਾਂ ਨੇ ਮੁਸ਼ਕਲਾਂ ਭਰੇ ਹਲਾਤਾਂ ਵਿੱਚ ਆਪਣੇ ਅਨਮੋਲ ਜੀਵਨ ਦੀ ਪਰਵਾਹ ਨਾਂ ਕਰਦੇ ਹੋਏ ਦੇਸ਼ ਦੀ ਸੁਰੱਖਿਆ ਲਈ ਲਾਸਾਨੀ ਕੁਰਬਾਨੀ ਦਾ ਜਾਮ ਪੀਤਾ ਅਤੇ ਸਾਡੇ ਕੱਲ ਲਈ ਆਪਣਾ ਅੱਜ ਕੁਰਬਾਨ ਕੀਤਾ। ਉਨ੍ਹਾਂ ਨੇ ਕਿਹਾ ਕਿ ਇਸ ਸੁਭ ਕਾਰਜ ਲਈ ਦਾਨ ਕੀਤੀ ਜਾਣ ਵਾਲੀ ਰਾਸ਼ੀ ਭਾਰਤ ਸਰਕਾਰ ਵੱਲੋਂ ਕਰ ਮੁੱਕਤ ਹੋਵੇਗੀ।

ਇਸ ਮੌਕੇ ਕਾਰਜਵਾਹਕ ਸੁਪਰਡੰਟ ਜਿਲ੍ਹਾ ਰੱਖਿਆ ਸੇਵਾਵਾਂ ਭਲਾਈ ਦਫਤਰ ਅਮਰੀਕ ਸਿੰਘ ਬੋਹਾ, ਆਨਰੇਰੀ ਲੈਫਟੀਨੈਂਟ ਬਲਦੇਵ ਸਿੰਘ, ਨਿਪੁੰਨ ਖੁੰਗਰ, ਸਿਮਰਜੀਤ ਕੋਰ, ਸ੍ਰੀਮਤੀ ਦੀਪਕਾ ਮਹਿਤਾ, ਹਰਪ੍ਰੀਤ ਸਿੰਘ, ਹੈਰੀਸਨ ਹਾਜ਼ਰ ਸਨ।

# ਲੋਕਾਂ ਨੂੰ ਵੱਧ ਤੋਂ ਵੱਧ ਬੁਨਿਆਦੀ ਸਹੂਲਤਾਂ ਮੁਹਈਆ ਕਰਵਾਉਣ ਲਈ ਸ਼ਹਿਰਾਂ ਦੀਆਂ ਹੱਦਾਂ ਨੂੰ ਵਧਾਇਆ ਜਾਵੇਗਾ : ਡਾ. ਨਿੱਜਰ



ਮੋਗਾ, 7 ਦਸੰਬਰ (ਗਿਆਨ ਸਿੰਘ): ਪੰਜਾਬ ਦੇ ਸਥਾਨਕ ਸਰਕਾਰਾਂ ਬਾਰੇ ਵਿਭਾਗ ਦੇ ਕੈਬਨਿਟ ਮੰਤਰੀ ਇੰਦਰਬੀਰ ਸਿੰਘ ਨਿੱਜਰ ਨੇ ਕਿਹਾ ਹੈ ਕਿ ਸੂਬੇ ਦੇ ਲੋਕਾਂ ਨੂੰ ਵੱਧ ਤੋਂ ਵੱਧ ਬੁਨਿਆਦੀ ਸਹੂਲਤਾਂ ਮੁਹਈਆ ਕਰਵਾਉਣ ਦੇ ਮਕਸਦ ਸ਼ਹਿਰਾਂ ਦੀਆਂ ਹੱਦਾਂ ਨੂੰ ਵਧਾਇਆ ਜਾਵੇਗਾ। ਉਹ ਅੱਜ ਇਥੇ ਨਗਰ ਸੁਧਾਰ ਟਰੱਸਟ ਮੋਗਾ ਦੇ ਨਵ ਨਿਯੁਕਤ ਚੇਅਰਮੈਨ ਸ੍ਰੀ ਦੀਪਕ ਅਰੋੜਾ ਵੱਲੋਂ ਅਹੁਦਾ ਸੰਭਾਲਣ ਮੌਕੇ ਰੱਖੇ ਸਮਾਗਮ ਨੂੰ ਸੰਬੋਧਨ ਕਰ ਰਹੇ ਸਨ।

ਭਾਰੀ ਇਕੱਠ ਨੂੰ ਸੰਬੋਧਨ ਕਰਦਿਆਂ ਸ੍ਰ ਨਿੱਜਰ ਨੇ ਕਿਹਾ ਕਿ ਪੰਜਾਬ ਵਿੱਚ ਸ਼ਹਿਰੀ ਆਬਾਦੀ ਵਿੱਚ ਲਗਾਤਾਰ ਵਾਧਾ ਹੋ ਰਿਹਾ ਹੈ। ਜਿਸ ਕਾਰਨ ਲੋਕਾਂ ਨੂੰ ਰਹਿਣ ਦੀ ਸਮੱਸਿਆ ਵੀ ਪੇਸ਼ ਆ ਰਹੀ ਹੈ। ਲੋਕਾਂ ਦੀ ਇਸ ਮੁਸ਼ਕਿਲ ਨੂੰ ਆਸਾਨ ਕਰਨ ਲਈ ਨਵੀਆਂ ਕਲੋਨੀਆਂ ਵਿਕਸਤ ਕਰਕੇ ਸ਼ਹਿਰਾਂ ਦੀਆਂ ਹੱਦਾਂ ਨੂੰ ਵਧਾਇਆ ਜਾਵੇਗਾ।

ਉਹਨਾਂ ਕਿਹਾ ਕਿ ਸ਼ਹਿਰਾਂ ਦੇ ਵਿਕਾਸ ਨੂੰ ਯਕੀਨੀ ਬਣਾਉਣ ਲਈ ਸਨਅਤੀ ਪਾਰਕਾਂ ਵੀ ਸਥਾਪਤ ਕੀਤੀਆਂ ਜਾ ਰਹੀਆਂ ਹਨ ਜਿਸ ਦੀ ਸ਼ੁਰੂਆਤ ਲੁਧਿਆਣਾ ਅਤੇ ਸ੍ਰੀ ਅੰਮ੍ਰਿਤਸਰ ਸਾਹਿਬ ਤੋਂ ਕੀਤੀ ਜਾ ਚੁੱਕੀ ਹੈ। ਜਲਦੀ ਹੀ ਮੋਗਾ ਵਿੱਚ ਵੀ ਇਸ ਦਿਸ਼ਾ ਵਿਚ ਕੰਮ ਸ਼ੁਰੂ ਹੋਵੇਗਾ। ਉਹਨਾਂ ਦੀਪਕ ਅਰੋੜਾ ਨੂੰ ਚੇਅਰਮੈਨੀ ਮਿਲਣ ਉੱਤੇ ਵਧਾਈ ਦਿੰਦਿਆਂ ਕਿਹਾ ਕਿ ਫਾਊਂਡਰ ਪਾਰਟੀ ਵਰਕਰਾਂ ਨੂੰ ਆਪ ਪਾਰਟੀ ਵੱਲੋਂ ਪੂਰਾ ਮਾਣ ਅਤੇ ਸਤਿਕਾਰ ਦਿੱਤਾ ਜਾਂਦਾ ਰਹੇਗਾ। ਭਵਿੱਖ ਵਿਚ ਵਲੰਟੀਅਰਾਂ ਨੂੰ ਮੈਰਿਟ ਦੇ ਆਧਾਰ ਉੱਤੇ ਅਹੁਦੇਦਾਰੀਆਂ ਮਿਲਣਗੀਆਂ।

ਉਹਨਾਂ ਕਿਹਾ ਕਿ ਸੂਬੇ ਵਿੱਚ ਸੜਕ ਹਾਦਸੇ ਘਟਾਉਣ ਅਤੇ ਲੋਕਾਂ ਨੂੰ ਸੁਰੱਖਿਅਤ ਜੀਵਨ ਮੁਹਈਆ ਕਰਾਉਣ ਲਈ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਡਰਿੰਕ ਐਂਡ ਡਰਾਈਵ ਮੁਹਿੰਮ ਨੂੰ ਲੋਕਾਂ ਅਤੇ ਮੀਡੀਆ ਦੇ ਸਹਿਯੋਗ ਨਾਲ ਸਫ਼ਲ ਕੀਤਾ ਜਾਵੇਗਾ।

ਲੋਕਾਂ ਨਾਲ ਕੀਤੇ ਚੋਣ ਵਾਅਦੇ ਪੂਰੇ ਕਰਨ ਦਾ ਦਾਅਵਾ ਕਰਦਿਆਂ ਉਹਨਾਂ ਕਿਹਾ ਕਿ ਐਤਕੀਂ 87 ਫੀਸਦੀ ਖਪਤਕਾਰਾਂ ਦਾ ਬਿਜਲੀ ਦਾ ਬਿੱਲ ਜ਼ੀਰੋ ਆਇਆ ਹੈ। ਉਹਨਾਂ ਲੋਕਾਂ ਨੂੰ ਇਹ ਵੀ ਅਪੀਲ ਕੀਤੀ ਕਿ ਉਹ ਯੂਨਿਟਾਂ ਘੱਟ ਦਿਖਾਉਣ ਲਈ ਇੱਕੋ ਇਮਾਰਤ ਵਿੱਚ ਦੋ ਦੋ ਬਿਜਲੀ ਦੇ ਮੀਟਰ ਲਾਉਣ ਦੀ ਕਵਾਇਦ ਤੋਂ ਪਰਹੇਜ਼ ਕਰਨ।

ਉਹਨਾਂ ਨਗਰ ਨਿਗਮ ਦਿੱਲੀ ਚੋਣਾਂ ਵਿੱਚ ਲੋਕਾਂ ਵੱਲੋਂ ਦਿੱਤੇ ਗਏ ਵੱਡੇ ਹੁੰਗਾਰੇ ਲਈ ਦਿੱਲੀ ਦੇ ਵੋਟਰਾਂ ਦਾ ਧੰਨਵਾਦ ਕੀਤਾ। ਉਹਨਾਂ ਕਿਹਾ ਕਿ ਪਾਰਟੀ ਨੇ ਪਹਿਲੀ ਵਾਰ ਹਿਮਾਚਲ ਪ੍ਰਦੇਸ਼ ਅਤੇ ਗੁਜਰਾਤ ਚੋਣਾਂ ਵਿੱਚ ਹਿੱਸਾ ਲਿਆ ਹੈ। ਉਥੋਂ ਦੇ ਜੋ ਵੀ ਨਤੀਜੇ ਆਉਣਗੇ ਉਹ ਆਪ ਪਾਰਟੀ ਦੀ ਪ੍ਰਾਪਤੀ ਹੋਵੇਗੀ।

ਹਲਕਾ ਮੋਗਾ ਦੀ ਵਿਧਾਇਕਾ ਡਾਕਟਰ ਅਮਨਦੀਪ ਕੌਰ ਅਰੋੜਾ, ਹਲਕਾ ਬਾਘਾਪੁਰਾਣਾ ਦੇ ਵਿਧਾਇਕ ਸ੍ਰ ਅੰਮ੍ਰਿਤਪਾਲ ਸਿੰਘ ਸੁੱਖਾਨੰਦ ਅਤੇ ਹਲਕਾ ਧਰਮਕੋਟ ਦੇ ਵਿਧਾਇਕ ਸ੍ਰ ਦਵਿੰਦਰਜੀਤ ਸਿੰਘ ਲਾਡੀ ਢੋਂਸ ਨੇ ਕਿਹਾ ਕਿ ਆਪ ਪਾਰਟੀ ਵੱਲੋਂ ਆਮ ਵਰਕਰਾਂ ਨੂੰ ਅਹੁਦੇਦਾਰੀਆਂ ਨਾਲ ਨਿਵਾਜ਼ਿਆ ਜਾ ਰਿਹਾ ਹੈ। ਵਰਕਰ ਪਾਰਟੀ ਦੀ ਰੀੜ੍ਹ ਦੀ ਹੱਡੀ ਹਨ। ਇਹਨਾਂ ਦਾ ਦੇਣਾ ਨਹੀਂ ਦਿੱਤਾ ਜਾ ਸਕਦਾ। ਵਰਕਰਾਂ ਦੀ ਮਿਹਨਤ ਸਦਕਾ ਹੀ ਪਾਰਟੀ ਨੂੰ ਹਰ ਚੋਣ ਵਿੱਚ ਇਤਿਹਾਸਿਕ ਜਿੱਤ ਹਾਸਿਲ ਹੋਈ ਹੈ। ਚੇਅਰਮੈਨ ਦੀਪਕ ਅਰੋੜਾ ਨੇ ਪਾਰਟੀ ਵੱਲੋਂ ਸੌਂਪੀ ਜ਼ਿੰਮੇਵਾਰੀ ਨੂੰ ਤਨਦੇਹੀ ਨਾਲ ਨਿਭਾਉਣ ਦਾ ਭਰੋਸਾ ਦਿੱਤਾ।

ਇਸ ਮੌਕੇ ਸਾਬਕਾ ਲੋਕ ਸਭਾ ਮੈਂਬਰ ਪ੍ਰੋਫ਼ੈਸਰ ਸਾਧੂ ਸਿੰਘ, ਨਗਰ ਨਿਗਮ ਕਮਿਸ਼ਨਰ ਜਯੋਤੀ ਬਾਲਾ ਮੱਟੂ, ਹਰਮਨਜੀਤ ਸਿੰਘ ਬਰਾੜ ਜ਼ਿਲ੍ਹਾ ਪ੍ਰਧਾਨ ਆਪ, ਅਮਨ ਰੱਖੜਾ ਮੀਡੀਆ ਇੰਚਾਰਜ ਜ਼ਿਲ੍ਹਾ ਮੋਗਾ, ਨਵਦੀਪ ਵਾਲੀਆ ਅਤੇ ਵੱਡੀ ਗਿਣਤੀ ਵਿੱਚ ਆਮ ਲੋਕਾਂ ਨੇ ਸ਼ਿਰਕਤ ਕੀਤੀ।

ਕੈਨੇਡੀਅਨ ਪੰਜਾਬੀ ਪੋਸਟ
CLASSIFIEDS
Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ ਕਾਲ ਕਰੋ: 905-793-2202



Matrimonial
ਰਿਸ਼ਤੇ ਹੀ ਰਿਸ਼ਤੇ
Starting at just $10
ਵਿਆਹ ਸ਼ਾਦੀ ਦਾ ਇਸ਼ਤਿਹਾਰ ਦੇਣ ਲਈ ਕਾਲ ਕਰੋ: 905-793-2202

## ਲੜਕੀ ਦੀ ਲੋੜ

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ।ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ।ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

ਸਿੱਖ ਅਰੋੜਾ ਲੜਕਾ, ਇਸ ਸਮੇਂ ਵਿਜ਼ਿਟਰ ਵੀਜ਼ੇ 'ਤੇ ਕੈਨੇਡਾ ਵਿਚ, ਯੋਗ ਕੰਨਿਆ ਦੀ ਜ਼ਰੂਰਤ ਹੈ। ਲੜਕੇ ਦੀ ਭੈਣ ਕੈਨੇਡਾ ਦੀ ਪੀ.ਆਰ. ਹੈ। ਪੰਜਾਬ ਵਿਚ ਚੰਗੀ ਜ਼ਮੀਨ ਅਤੇ ਬਿਜ਼ਨਸ ਹੈ। ਪਹਿਲੀ ਪਤਨੀ ਦੀ ਮੌਤ ਹੋ ਚੁੱਕੀ ਹੈ ਅਤੇ ਉਸ ਦਾ ਦੋ ਸਾਲ ਦਾ ਬੇਟਾ ਵੀ ਹੈ। ਜਾਤੀ ਬੰਧਨ ਨਹੀਂ। ਲੜਕੀ ਕੈਨੇਡਾ ਦੀ ਪੀ.ਆਰ. ਜਾਂ ਸਿਟੀਜਨ ਹੋਵੇ। ਸੰਪਰਕ: 647-625-5706

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

ਜੱਟ ਸਿੱਖ ਲੜਕਾ ਉਮਰ 35 ਸਾਲ ਕੱਦ 5'11'' ਕਨੇਡੀਅਨ ਜਮ-ਪਲ, ਗੌਰਮਿੰਟ ਨੌਕਰੀ ਕਰਦਾ ਹੈ, ਦੇ ਵਾਸਤੇ ਲੜਕੀ ਦੀ ਲੋੜ ਹੈ।ਲੜਕੀ ਸਿੱਖ ਪਰਵਾਰ ਦੀ ਹੋਵੇ ਕੋਈ ਜਾਤ ਪਾਤ ਨਹੀਂ, ਲੜਕੀ ਪੀਆਰ ਜਾਂ ਸਟੂਡੈਂਟ ਹੋਵੇ ਤਾਂ ਵੀ ਵਿਚਾਰ ਕੀਤੀ ਜਾ ਸਕਦੀ ਹੈ।ਵਧੇਰੇ ਜਾਣਕਾਰੀ ਲਈ ਸੰਪਰਕ ਕਰੋ: (647)297-6661

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9'', ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਸਰਾ ਪਰਿਵਾਰ ਦਾ ਲੜਕਾ, ਉਮਰ 33 ਸਾਲ, ਕੱਦ 5 ਫੁੱਟ 10 ਇੰਚ, ਬੀਬੀਏ ਕੀਤੀ ਹੋਈ ਹੈ, ਵਰਤਮਾਨ ਵਿਚ ਭਾਰਤ ਵਿਚ ਬਿਜ਼ਨਸ ਕਰ ਰਿਹਾ ਹੈ ਤੇ ਭਵਿੱਖ ਵਿਚ ਕੈਨੇਡਾ ਵਿਚ ਟਰਾਂਸਪੋਰਟੇਸ਼ਨ ਦਾ ਬਿਜ਼ਨਸ ਖੋਲ੍ਹਣ ਜਾ ਰਿਹਾ ਹੈ, ਲਈ ਸੁੰਦਰ ਸੁਸ਼ੀਲ ਲੜਕੀ ਦੀ ਲੋੜ ਹੈ। ਸੰਪਰਕ: 437-332-8422,
ਈ ਮੇਲ puneetasra17october@gmail.com

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

Beautiful match, below 35yrs, for smart JatSikh boy, Canada PR, 39/5-11" BE/MBA, Highly paid job, R/U property in Canada/India, issueless divorcee, caste no bar, respond only with pics & details. **Whatsapp +16474968844 Email : matchjatt2018@gmail.com**

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5''8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

## ਲੜਕੇ ਦੀ ਲੋੜ

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

ਕੈਨੇਡਾ ਪੀ ਆਰ ਲੜਕੀ ਨਾਈ ਸਿੱਖ /ਲੱਖਣਪਾਲ ਲਈ ਸ਼ੁਧ ਵੈਸ਼ਨੂੰ ਵਰ ਦੀ ਲੋੜ। ਤਰਜੀਹ ਕੈਨੇਡਾ। ਜਨਮ 13/12/1991, ਕੱਦ 5'7", ਭਾਰਤ ਤੋਂ M.Com ਅਤੇ ਕੈਨੇਡਾ ਤੋ ਪੋਸਟ ਗਰੈਡ ਡਿਪਲੋਮਾ HRM ਇੱਕ ਭੈਣ ਤੇ ਇੱਕ ਭਰਾ ਵਿਆਹੇ ਦੋਵੇ ਕੈਨੇਡਾ PR ਫੋਨ +12049148700 +919569557850

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11'' ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2'' ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਜੱਟ ਸਿੱਖ ਲੜਕੀ, ਉਮਰ 33 ਸਾਲ, ਕੱਦ 5 ਫੁੱਟ 4 ਇੰਚ, ਇੰਡੀਆ ਤੋਂ MBA ਅਤੇ ਕੈਨੇਡਾ ਤੋਂ Marketing Management, Food Media ਦੀ ਪੜ੍ਹਾਈ ਕੀਤੀ ਹੋਈ ਹੈ। ਇੱਥੇ Health Care Screener ਦੇ ਤੌਰ 'ਤੇ ਕੰਮ ਕਰਦੀ ਹੈ, ਲਈ ਕੈਨੇਡੀਅਨ ਜਾਂ ਅਮਰੀਕਨ PR/Citizen ਲੜਕੇ ਦੀ ਲੋੜ ਹੈ। ਸੰਪਰਕ: 437-332-8422 E-mail : puneetasra17october@gmail.com

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com

## ਪਲਾਟ ਵਿਕਾਊ

ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਦੇ ਨਜ਼ਦੀਕ ਪਲਾਟ ਵਿਕਾਊ ਹੈ। GT Road ਤੋਂ ਸਿਰਫ 400 ਮੀਟਰ ਦੂਰੀ 'ਤੇ। ਸ੍ਰੀ ਗੁਰੂ ਤੇਗ ਬਹਾਦਰ ਨਗਰ ਵਿਚ 10 ਮਰਲੇ ਦਾ ਪਲਾਟ ਵਿਕਾਊ ਹੈ।। ਖੁੱਲ੍ਹੀਆਂ ਸੜਕਾਂ ਪਾਰਕ ਆਦਿ ਦੀ ਸਹੂਲਤ।

ਫੋਨ ਨੰਬਰ 917837596119
647-760-2769

## ਕੇਅਰ ਗਿਵਰ ਦੀ ਲੋੜ



ਬਜੁਰਗ ਔਰਤ ਨੂੰ ਸੰਭਾਲਣ ਲਈ ਕੇਅਰ ਗਿਵਰ ਦੀ ਲੋੜ ਹੈ। ਵਧੀਆ ਤਨਖਾਹ ਦਿੱਤੀ ਜਾਵੇਗੀ। **'PR'** ਲਈ ਮੱਦਦ ਕੀਤੀ ਜਾਵੇਗੀ। Location 'Winnipeg, MB' ਜ਼ਿਆਦਾ ਜਾਣਕਾਰੀ ਲਈ ਸੰਪਰਕ ਕਰੋ:

**204-333-9000, 416-818-3777**

## ਫੀਮੇਲ ਹਾਊਸਕੀਪਰ ਦੀ ਲੋੜ

ਮਾਰਖਮ ਹਾਊਸ, ਜਿਸ ਵਿਚ ਕ੍ਰਿਸ਼ਨਾ ਮੰਦਰ ਹੈ, ਲਈ ਫੁਲ ਟਾਈਮ ਲਿਵ ਇਨ ਫੀਮੇਲ ਹਾਊਸਕੀਪਰ ਦੀ ਲੋੜ ਹੈ। ਘਰ ਪੂਰੀ ਤਰ੍ਹਾਂ ਸ਼ਾਕਾਹਾਰੀ ਹੈ, ਇੱਥੋਂ ਤੱਕ ਕਿ ਪਿਆਜ ਅਤੇ ਲਹਿਸਣ ਦੀ ਵਰਤੋਂ ਦੀ ਵੀ ਆਗਿਆ ਨਹੀਂ ਹੈ। ਕੰਮ ਦੇ ਵਿਚ ਖਾਣਾ ਬਣਾਉਣਾ, ਸਾਫ-ਸਫਾਈ ਅਤੇ ਸਾਰੇ ਘਰ ਦੀ ਵਧੀਆ ਤਰੀਕੇ ਨਾਲ ਸੰਭਾਲ ਕਰਨੀ ਸ਼ਾਮਲ ਹਨ। ਹਾਊਸਕੀਪਰ ਨੂੰ ਘਰ ਦੇ ਮੈਂਬਰ ਵਾਂਗ ਰੱਖਿਆ ਜਾਵੇਗਾ। ਚਾਹਵਾਨ ਕ੍ਰਿਪਾ ਕਰਕੇ vbsharma@vbsharma.ca ਉਤੇ ਅਪਲਾਈ ਕਰਨ। ਫੋਨ ਨੰਬਰ 416-292-4431 ext. 224 ਉਤੇ 3 ਵਜੇ ਤੋਂ ਬਾਅਦ ਸੰਪਰਕ ਕਰ ਸਕਦੇ ਹਨ।

A-One Drivers TRAINING SCHOOL
G2, G ਦੀ ਹਿੰਦੀ, ਪੰਜਾਬੀ ਉਰਦੂ, ਅੰਗਰੇਜੀ ਭਾਸ਼ਾਵਾਂ ਦੇ ਵਿੱਚ ਪ੍ਰੋਫੈਸ਼ਨਲ ਤਰੀਕੇ ਨਾਲ ਟਰੇਨਿੰਗ ਦਿੱਤੀ ਜਾਂਦੀ ਹੈ
ਨਰਵਸ ਡਰਾਈਵਰ ਹੋ ਜਾਂ ਬਾਰ ਬਾਰ ਫੇਲ ਹੋਣ ਤੋਂ ਬਚਣ ਲਈ ਕਾਲ ਕਰ ਸਕਦੇ ਹੋ
ਫਰੀ ਪਿਕਅਪ
Best Rates For Lessons
] ਮੁਫਤ ਪਿਕਅਪ ਅਤੇ ਡਰਾਪ ਆਫ਼
] ਫੁੱਲ ਕੋਰਸ ਨਾਲ ਇੰਸ਼ੋਰੈਂਸ ਡਿਸਕਾਊਂਟ ਸਰਟੀਫਿਕੇਟ
] ਬਰੈਂਪਟਨ, ਮਿਸੀਸਾਗਾ ਦੇ ਇਲਾਕੇ ਵਿੱਚ ਸੇਵਾਵਾਂ
] ਵਾਜਿਬ ਕੀਮਤ
ਲੇਡੀ ਇੰਸਟ੍ਰਕਟਰ
647-998-7500 ਬਲਵਿੰਦਰ



STARLANE PAINTING
Residential • Commercial • Industrial
• Hotel • Motel • Exterior
• Interior • Spray Painting
• Office Painting • Drywall Fixing
ਘਰ ਹੋਵੇ ਜਾਂ ਹੋਵੇ ਦੁਕਾਨ ਅਸੀ ਵਧਾਈਏ ਰੰਗਾਂ ਨਾਲ ਉਸ ਦੀ ਸ਼ਾਨ
7 Days A Week
Call For FREE Estimate
ਹਰ ਤਰ੍ਹਾਂ ਦੀ ਵਧੀਆਂ ਪੇਂਟਿੰਗ ਲਈ 20 ਸਾਲਾਂ ਤੋ ਵੀ ਵੱਧ ਤਜਰਬੇਕਾਰ ਹਰਜੀਤ ਨੂੰ ਕਾਲ ਕਰੋ
416.230.4000 • 647.409.1092
www.STARLANEPAINTING.com
ਹਰਜੀਤ ਧਨੋਆ




(905)793-2202
You can Place Your Business Here
To Reach Wider Audience
For more info Call 905-793-2202 or e-mail ads@punjabipost.ca



Visions of Punjab
VISION ZOOMERTV
Airs Across Canada
Every Saturday
1:00 pm to 1:30 pm EST
10:00 am to 10:30 am PST
Mahal Entertainment Inc.
Cell:416-587-5520
Email: iqbalmahal46@gmail.com
Natasha Mahal Co-Host
Iqbal Mahal Producer & Host
Serving the South Asian Community Since 1976





## ਪੰਜਾਬ ਦੇ ਟੈਕਸੀ ਆਪ੍ਰੇਟਰਾਂ ਨੂੰ ਪ੍ਰਾਈਵੇਟ ਬੱਸ ਆਪ੍ਰੇਟਰਾਂ ਦੇ ਬਰਾਬਰ ਟੈਕਸ ਮੁਆਫ਼ੀ ਦੇਣਾ ਵਿਚਾਰ ਅਧੀਨ : ਲਾਲਜੀਤ ਸਿੰਘ ਭੁੱਲਰ

* ਟਰਾਂਸਪੋਰਟ ਮੰਤਰੀ ਵੱਲੋਂ ਟੈਕਸੀ ਆਪ੍ਰੇਟਰਾਂ ਦੀਆਂ ਸਾਰੀਆਂ ਜਾਇਜ਼ ਮੰਗਾਂ 'ਤੇ ਵਿਚਾਰ ਕਰਨ ਦਾ ਭਰੋਸਾ



ਚੰਡੀਗੜ੍ਹ, 7 ਦਸੰਬਰ (ਪੋਸਟ ਬਿਊਰੋ): ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਸੂਬੇ ਦੇ ਟੈਕਸੀ ਆਪ੍ਰੇਟਰਾਂ ਨੂੰ ਵੱਡੀ ਰਾਹਤ ਦੇਣ 'ਤੇ ਵਿਚਾਰ ਕਰ ਰਹੀ ਹੈ ਜਿਸ ਤਹਿਤ ਟੈਕਸੀ ਆਪ੍ਰੇਟਰਾਂ ਨੂੰ ਵੀ ਪ੍ਰਾਈਵੇਟ ਬੱਸ ਆਪ੍ਰੇਟਰਾਂ ਵਾਂਗ ਕੋਰੋਨਾ ਕਾਲ ਦੌਰਾਨ ਦਿੱਤੀ ਗਈ ਟੈਕਸ ਮੁਆਫ਼ੀ ਦੇ ਬਰਾਬਰ ਟੈਕਸ ਮੁਆਫ਼ੀ ਦਿੱਤੇ ਜਾਣ ਦਾ ਮਾਮਲਾ ਵਿਚਾਰ ਅਧੀਨ ਹੈ।

ਟਰਾਂਸਪੋਰਟ ਮੰਤਰੀ ਲਾਲਜੀਤ ਸਿੰਘ ਭੁੱਲਰ ਨੇ ਅੱਜ ਪੰਜਾਬ ਟੈਕਸੀ ਆਪ੍ਰੇਟਰਜ਼ ਯੂਨੀਅਨ ਦੇ ਨੁਮਾਇੰਦਿਆਂ ਦੀਆਂ ਮੰਗਾਂ ਨੂੰ ਧਿਆਨ ਨਾਲ ਸੁਣਦਿਆਂ ਇਹ ਜਾਣਕਾਰੀ ਦਿੱਤੀ। ਕੈਬਨਿਟ ਮੰਤਰੀ ਨੇ ਕਿਹਾ ਕੋਰੋਨਾ ਕਾਲ ਦੇ ਸਮੇਂ ਦੌਰਾਨ ਸਾਰੇ ਕੰਮ-ਕਾਰ ਠੱਪ ਹੋਣ ਕਾਰਨ ਕੰਟਰੈਕਟ ਅਤੇ ਸਟੇਜ ਕੈਰਿਜ ਪ੍ਰਾਈਵੇਟ ਬੱਸ ਆਪ੍ਰੇਟਰਾਂ ਨੂੰ ਟੈਕਸ ਮੁਆਫ਼ੀ ਦਿੱਤੀ ਗਈ ਸੀ। ਹੁਣ ਟੈਕਸੀ ਆਪ੍ਰੇਟਰਾਂ ਨੂੰ ਵੀ ਉਸੇ ਸਮਾਂ-ਸੀਮਾ ਲਈ ਟੈਕਸ ਮੁਆਫ਼ੀ ਦੇਣ ਲਈ ਸਰਕਾਰ ਵਿਚਾਰ ਕਰ ਰਹੀ ਹੈ।

ਮੰਤਰੀ ਨੇ ਟੈਕਸੀ ਆਪ੍ਰੇਟਰਾਂ ਨੂੰ ਭਰੋਸਾ ਦਿਵਾਇਆ ਕਿ ਉਨ੍ਹਾਂ ਦੀ ਆਰ.ਟੀ.ਏ. ਦਫ਼ਤਰਾਂ ਵਿੱਚ ਖੱਜਲ-ਖੁਆਰੀ ਨਹੀਂ ਹੋਣ ਦਿੱਤੀ ਜਾਵੇਗੀ। ਸ. ਭੁੱਲਰ ਨੇ ਅਧਿਕਾਰੀਆਂ ਨੂੰ ਹਦਾਇਤ ਦਿੱਤੀ ਹੈ ਸਰਕਾਰੀ ਦਫ਼ਤਰਾਂ ਵਿੱਚ ਏਜੰਟਾਂ ਦੀ ਆਮਦ 'ਤੇ ਪੂਰਨ ਪਾਬੰਦੀ ਯਕੀਨੀ ਬਣਾਉਣ। ਉਨ੍ਹਾਂ ਕਿਹਾ ਕਿ ਵਿਭਾਗ ਵੱਲੋਂ ਜ਼ਿਆਦਾਤਰ ਸੇਵਾਵਾਂ ਨੂੰ ਆਨਲਾਈਨ ਕੀਤਾ ਗਿਆ ਹੈ ਤਾਂ ਜੋ ਟੈਕਸੀ ਆਪ੍ਰੇਟਰਾਂ ਨੂੰ ਸਰਕਾਰੀ ਦਫ਼ਤਰਾਂ ਵਿੱਚ ਖੱਜਲ ਨਾ ਹੋਣਾ ਪਵੇ। ਉਨ੍ਹਾਂ ਕਿਹਾ ਕਿ ਵਿਭਾਗ ਵਿੱਚ ਹਾਲੇ ਵੀ ਕੁੱਝ ਪ੍ਰਵਾਨਗੀਆਂ ਮੈਨੂਅਲ ਹਨ, ਜਿਨ੍ਹਾਂ ਨੂੰ ਛੇਤੀ ਹੀ ਆਨਲਾਈਨ ਕਰ ਦਿੱਤਾ ਜਾਵੇਗਾ।

ਟਰਾਂਸਪੋਰਟ ਮੰਤਰੀ ਨੇ ਟੈਕਸੀ ਆਪ੍ਰੇਟਰਾਂ ਦੀ ਮੰਗ ਕਿ ਲੋਕਲ ਪੰਜਾਬ ਪਰਮਿਟ ਗੱਡੀਆਂ ਨੂੰ ਗੁਆਂਢੀ ਸੂਬਿਆਂ ਵਿੱਚ ਜਾਣ ਲਈ ਆਨਲਾਈਨ ਮਨਜ਼ੂਰੀ ਦੇਣ ਦੀ ਵਿਵਸਥਾ ਕੀਤੀ ਜਾਵੇ, ਬਾਰੇ ਵਿਭਾਗ ਦੇ ਅਧਿਕਾਰੀਆਂ ਨੂੰ ਵਿਚਾਰ ਕਰਨ ਲਈ ਕਿਹਾ। ਉਨ੍ਹਾਂ ਕਿਹਾ ਕਿ ਵਿਭਾਗ ਵੱਲੋਂ ਟੈਕਸੀ ਆਪ੍ਰੇਟਰਾਂ ਦੀਆਂ ਮੁਸ਼ਕਲਾਂ ਦੇ ਹੱਲ ਲਈ ਇੱਕ ਹੈਲਪਲਾਈਨ ਨੰਬਰ ਜਾਰੀ ਕਰਨ ਬਾਰੇ ਵੀ ਵਿਚਾਰ ਕੀਤਾ ਜਾਵੇਗਾ।

ਭੁੱਲਰ ਨੇ ਟੈਕਸੀ ਆਪ੍ਰੇਟਰਾਂ ਨੂੰ ਵੀ ਅਪੀਲ ਕੀਤੀ ਕਿ ਸਰਕਾਰ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਵਰਦੀ ਪਾਉਣ ਅਤੇ ਆਪਣੇ ਵਾਹਨਾਂ ਵਿੱਚ ਸੁਰੱਖਿਆ ਯੰਤਰ ਰੱਖਣਾ ਯਕੀਨੀ ਬਣਾਉਣ।

## ਅਨਮੋਲ ਗਗਨ ਮਾਨ ਵੱਲੋਂ ਨਗਰ ਕੌਂਸਲ ਖਰੜ ਦੀ ਅਚਨਚੇਤ ਚੈਕਿੰਗ

* ਗੈਰ-ਕਾਨੂੰਨੀ ਉਸਾਰੀਆਂ ਦੀ ਪੜਤਾਲ ਕਰਕੇ ਢਾਹੁਣ ਦੇ ਦਿੱਤੇ ਹੁਕਮ *ਹਲਕਾ ਖਰੜ ਵਿੱਚ ਪਿਛਲੇ 5 ਸਾਲਾਂ ਦੌਰਾਨ ਬਣੀਆਂ ਇਮਾਰਤਾਂ ਦਾ ਮੰਗਿਆ ਵੇਰਵਾ



ਚੰਡੀਗੜ੍ਹ, 7 ਦਸੰਬਰ (ਪੋਸਟ ਬਿਊਰੋ): ਪੰਜਾਬ ਦੇ ਸੈਰ ਸਪਾਟਾ ਅਤੇ ਸੱਭਿਆਚਾਰਕ ਮਾਮਲੇ, ਨਿਵੇਸ਼ ਪ੍ਰੋਤਸਾਹਨ, ਲੇਬਰ ਅਤੇ ਸ਼ਿਕਾਇਤ ਨਿਵਾਰਨ ਮੰਤਰੀ ਅਨਮੋਲ ਗਗਨ ਮਾਨ ਵੱਲੋਂ ਅੱਜ ਨਗਰ ਕੌਂਸਲ ਖਰੜ ਜ਼ਿਲ੍ਹਾ ਐਸ.ਏ.ਐਸ ਨਗਰ ਦੀ ਅਚਨਚੇਤ ਚੈਕਿੰਗ ਕੀਤੀ ਗਈ। ਚੈਕਿੰਗ ਦੌਰਾਨ ਹਲਕਾ ਖਰੜ ਦੇ ਸ਼ਹਿਰ ਵਿੱਚ ਉਸਾਰੀ ਅਧੀਨ ਗੈਰ ਕਾਨੂੰਨੀ ਇਮਾਰਤਾਂ ਨੂੰ ਤੁਰੰਤ ਢਾਹੁਣ ਦੇ ਹੁਕਮ ਦਿੱਤੇ। ਇਸ ਮੌਕੇ ਐਸ.ਡੀ.ਐਮ ਰਵਿੰਦਰ ਸਿੰਘ ਅਤੇ ਨਗਰ ਕੌਂਸਲ ਖਰੜ ਦੇ ਕਾਰਜ਼ ਸਾਧਕ ਅਫ਼ਸਰ ਮਨਵੀਰ ਸਿੰਘ ਗਿੱਲ ਹਾਜ਼ਰ ਸਨ ।

ਵਧੇਰੇ ਜਾਣਕਾਰੀ ਦਿੰਦੇ ਹੋਏ ਕੈਬਨਿਟ ਮੰਤਰੀ ਅਨਮੋਲ ਗਗਨ ਮਾਨ ਨੇ ਦੱਸਿਆ ਕਿ ਅੱਜ ਨਗਰ ਕੌਸ਼ਲ ਖਰੜ ਦੀ ਚੈਕਿੰਗ ਕੀਤੀ ਗਈ ਹੈ ਅਤੇ ਇਥੋਂ ਦੇ ਰਿਕਾਰਡ ਨੂੰ ਚੈੱਕ ਕਰਨ ਤੇ ਪਾਇਆ ਗਿਆ ਕਿ ਹਲਕਾ ਖਰੜ ਸ਼ਹਿਰ ਵਿੱਚ ਕੁੱਝ ਨਾਜਾਇਜ਼ ਉਸਾਰੀਆਂ ਲਈ ਵੀ ਕਮੇਟੀ ਵੱਲੋਂ ਨਕਸ਼ੇ ਪਾਸ ਕੀਤੇ ਗਏ ਸਨ, ਇਸ ਸਬੰਧੀ ਪੂਰੀ ਰਿਪਰੋਟ ਮੰਗੀ ਗਈ ਹੈ । ਉਨ੍ਹਾਂ ਐਸ.ਡੀ.ਐਮ ਖਰੜ ਨੂੰ ਹਦਾਇਤ ਕੀਤੀ ਕਿ ਬਿਲਡਰਾਂ ਵੱਲੋਂ ਲੋਕਾਂ ਨੂੰ ਜ਼ਮੀਨ-ਜਾਈਜਾਦ ਵੇਚਣ ਸਮੇਂ ਨਕਸ਼ੇ ਵਿੱਚ ਦਰਸਾਈਆਂ ਸਹੂਲਤਾਂ ਨੂੰ ਅਮਲ ਵਿੱਚ ਲਿਆਇਆ ਜਾਵੇ ਅਤੇ ਕਮੇਟੀ ਗਠਿਤ ਕਰਕੇ ਕਾਰਵਾਈ ਕੀਤੀ ਜਾਵੇ ।

ਇਸ ਤੋਂ ਇਲਾਵਾ ਉਨ੍ਹਾਂ ਖਰੜ ਸ਼ਹਿਰ ਵਿੱਚ ਉਸਾਰੀ ਅਧੀਨ ਗੈਰ ਕਾਨੂੰਨੀ ਇਮਾਰਤਾਂ ਨੂੰ ਤੁਰੰਤ ਢਾਹੁਣ ਲਈ ਸਬੰਧਿਤ ਅਧਿਕਾਰੀਆਂ ਨੂੰ ਹਦਾਇਤ ਕੀਤੀ। ਉਨ੍ਹਾਂ ਕਿਹਾ ਕਿ ਗੈਰ ਕਾਨੂੰਨੀ ਇਮਾਰਤਾਂ ਦੇ ਨਿਰਮਾਣ ਲਈ ਕਮੇਟੀ ਵੱਲੋਂ ਪਾਸ ਕੀਤੇ ਨਕਸ਼ਿਆ ਦੀ ਪੜਤਾਲ ਕੀਤੀ ਜਾਵੇਗੀ ਅਤੇ ਪੜਤਾਲ ਦੌਰਾਨ ਸਾਹਮਣੇ ਆਈਆਂ ਨਜਾਇਜ਼ ਉਸਾਰੀਆਂ ਤੇ ਕਾਨੂੰਨ ਅਨੁਸਾਰ ਬਣਦੀ ਕਾਰਵਾਈ ਨੂੰ ਅਮਲ ਵਿੱਚ ਲਿਆਂਦਾ ਜਾਵੇਗਾ ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਨੂੰ ਸਾਫ਼ ਸੁਥਰਾਂ ਅਤੇ ਭ੍ਰਿਸ਼ਟਾਚਾਰ ਮੁਕਤ ਪ੍ਰਸ਼ਾਸਨ ਦੇਣ ਲਈ ਵਚਨਬੱਧ ਹੈ । ਉਨ੍ਹਾਂ ਨਗਰ ਕੌਂਸਲ ਦੇ ਅਧਿਕਾਰੀਆਂ ਨੂੰ ਸਖ਼ਤ ਹਦਾਇਤ ਕਰਦਿਆ ਕਿਹਾ ਕਿ ਕੋਈ ਵੀ ਨਕਸ਼ਾ ਕਾਨੂੰਨੀ ਗਾਇਡ ਲਾਇਨਜ਼ ਤੋਂ ਬਿਨਾਂ ਪਾਸ ਨਹੀਂ ਹੋਣਾ ਚਾਹੀਦਾ। ਉਨ੍ਹਾਂ ਕਿਹਾ ਖਰੜ ਸ਼ਹਿਰ ਵਿੱਚ ਜਿਨ੍ਹਾਂ ਵੀ ਅਧਿਕਾਰੀਆਂ ਵੱਲੋਂ ਪ੍ਰਾਇਵੇਟ ਬਿਲਡਰਾਂ ਨਾਲ ਮਿਲ ਕੇ ਗੈਰ ਕਾਨੂੰਨੀ ਅਤੇ ਸਰਕਾਰ ਦੀਆਂ ਹਦਾਇਤਾ ਦੀ ਉਲੰਘਣਾ ਕਰਕੇ ਬਣਾਈਆਂ ਨਜ਼ਾਇਜ ਉਸਾਰੀਆਂ ਲਈ ਜਿੰਮੇਵਾਰ ਹੋਣਗੇ ਉਨ੍ਹਾਂ ਵਿਰੁੱਧ ਵੀ ਸਖ਼ਤ ਕਾਰਵਾਈ ਕੀਤੀ ਜਾਵੇਗੀ । ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਕਿਸੇ ਪੱਧਰ ਤੇ ਵੀ ਭ੍ਰਿਸ਼ਟਾਚਾਰ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ ।

ਇਸ ਮੌਕੇ ਉਥੇ ਮੌਜੂਦ ਖਰੜ ਦੇ ਨਾਗਰਿਕਾ ਵੱਲੋਂ ਨਿੱਤ ਆਉਂਦੀਆਂ ਮੁਸ਼ਕਲਾਂ ਬਾਰੇ ਕੈਬਨਿਟ ਮੰਤਰੀ ਨੂੰ ਜਾਣੂ ਕਰਵਾਇਆ ਗਿਆ ਅਤੇ ਕੈਬਨਿਟ ਮੰਤਰੀ ਵੱਲੋਂ ਸਾਰੀਆਂ ਸਮੱਸਿਆਵਾਂ ਨੂੰ ਜਲਦੀ ਹੱਲ ਕਰਨ ਦਾ ਭਰੋਸਾ ਦਿੱਤਾ ਗਿਆ।

## ਪੰਜਾਬ ਸਰਕਾਰ ਵੱਲੋਂ ਸਰਦੀਆਂ ਦੇ ਮੌਸਮ ਦੇ ਸਨਮੁਖ ਮੱਛੀ ਪਾਲਕਾਂ ਨੂੰ ਐਡਵਾਈਜ਼ਰੀ ਜਾਰੀ

ਚੰਡੀਗੜ੍ਹ, 7 ਦਸੰਬਰ (ਪੋਸਟ ਬਿਊਰੋ): ਪੰਜਾਬ ਦੇ ਮੱਛੀ ਪਾਲਣ, ਪਸ਼ੂ ਪਾਲਣ ਅਤੇ ਡੇਅਰੀ ਵਿਕਾਸ ਮੰਤਰੀ ਲਾਲਜੀਤ ਸਿੰਘ ਭੁੱਲਰ ਨੇ ਦੱਸਿਆ ਕਿ ਸਰਦੀਆਂ ਵਧਣ ਦੇ ਮੱਦੇਨਜ਼ਰ ਸੂਬੇ ਦੇ ਮੱਛੀ ਪਾਲਕਾਂ ਨੂੰ ਕਿਸੇ ਕਿਸਮ ਦੇ ਨੁਕਸਾਨ ਤੋਂ ਬਚਾਉਣ ਲਈ ਤਲਾਬਾਂ ਵਿੱਚ ਪਾਣੀ ਦਾ ਪੱਧਰ 6-7 ਫੁੱਟ ਰੱਖਣ ਲਈ ਕਿਹਾ ਗਿਆ ਹੈ ਤਾਂ ਮੱਛੀ ਨੂੰ ਠੰਢ ਦੀ ਮਾਰ ਤੋਂ ਬਚਾਇਆ ਜਾ ਸਕੇ। ਇਸ ਤੋਂ ਇਲਾਵਾ ਤਾਪਮਾਨ ਅਨੁਸਾਰ ਮੱਛੀ ਦੀ ਖ਼ੁਰਾਕ ਵ ਘਟਾਉਣ, ਜੈਵਿਕ ਖਾਦਾਂ ਦੀ ਵਰਤੋਂ ਘਟਾਉਣ/ਬੰਦ ਕਰਨ, ਸਵੇਰ ਦੇ ਸਮੇਂ ਆਕਸੀਜਨ ਦੀ ਕਮੀ ਨੂੰ ਪੂਰਾ ਕਰਨ ਲਈ ਤਲਾਅ ਵਿੱਚ ਤਾਜ਼ਾ ਪਾਣੀ/ਏਰੀਏਟਰ ਦੀ ਵਰਤੋਂ ਕਰਨ ਦੀ ਸਲਾਹ ਦਿੱਤੀ ਗਈ ਹੈ।

ਐਡਵਾਈਜ਼ਰੀ ਮੁਤਾਬਕ ਮੱਛੀ ਪਾਲਕਾਂ ਨੂੰ ਆਕਸੀਜਨ ਦੀਆਂ ਗੋਲੀਆਂ ਜਾਂ ਪਾਊਡਰ ਆਪਣੇ ਫ਼ਾਰਮਾਂ 'ਤੇ ਲਾਜ਼ਮੀ ਤੌਰ 'ਤੇ ਰੱਖਣ ਲਈ ਕਿਹਾ ਗਿਆ ਹੈ। ਇਸੇ ਤਰ੍ਹਾਂ ਸਰਦੀਆਂ ਦੇ ਮੌਸਮ ਵਿੱਚ ਮੱਛੀ ਨੂੰ ਬੀਮਾਰੀ ਲੱਗਣ ਦੀ ਵਧੇਰੇ ਸੰਭਾਵਨਾ ਦੇ ਸਨਮੁਖ ਮੱਛੀ ਦੇ ਬਚਾਅ ਲਈ ਤਲਾਅ ਵਿੱਚ 400 ਮਿਲੀਲੀਟਰ ਪ੍ਰਤੀ ਏਕੜ ਸੀਫੈਕਸ ਦੀ ਵਰਤੋਂ ਕਰਨ ਲਈ ਕਿਹਾ ਗਿਆ ਹੈ।

## ਪੰਜਾਬ ਸਰਕਾਰ ਵਲੋਂ ਆਯੂਸ਼ਮਾਨ ਭਾਰਤ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਅਧੀਨ 20 ਕਰੋੜ ਰੁਪਏ ਦੀ ਰਾਸ਼ੀ ਜਾਰੀ



ਚੰਡੀਗੜ੍ਹ, 7 ਦਸੰਬਰ (ਪੋਸਟ ਬਿਊਰੋ): ਸਿਹਤ ਵਿਭਾਗ ਤੇ ਪਰਿਵਾਰ ਭਲਾਈ ਵਿਭਾਗ, ਪੰਜਾਬ ਦੇ ਬੁਲਾਰੇ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਚੇਤਨ ਸਿੰਘ ਜੌੜਾਮਾਜਰਾ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਆਯੂਸ਼ਮਾਨ ਭਾਰਤ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਅਧੀਨ 20 ਕਰੋੜ ਰੁਪਏ ਦੀ ਰਾਸ਼ੀ ਪ੍ਰਾਈਵੇਟ ਅਤੇ ਸਰਕਾਰੀ ਹਸਪਤਾਲਾਂ ਨੂੰ ਅੱਜ ਹੀ ਜਾਰੀ ਕੀਤੀ ਗਈ ਹੈ। ਇਸ ਯੋਜਨਾ ਅਧੀਨ ਪਿਛਲੇ 3 ਸਾਲਾਂ ਤੋਂ ਲਗਭਗ 44.04 ਲੱਖ ਲਾਭਪਾਤਰੀ ਪਰਿਵਾਰਾਂ ਨੂੰ 5 ਲੱਖ ਰੁਪਏ ਤੱਕ ਦੀਆਂ ਮੁਫ਼ਤ ਸਿਹਤ ਸੇਵਾਵਾਂ ਦਿੱਤੀਆ ਜਾ ਰਹੀਆਂ ਹਨ। ਹੁਣ ਤੱਕ 1609 ਕਰੋੜ ਰੁਪਏ ਤੋਂ ਵੱਧ ਕੀਮਤ ਦੇ ਲਗਭਗ 13.50 ਲੱਖ ਇਲਾਜ ਕੀਤੇ ਜਾ ਚੁੱਕੇ ਹਨ ਅਤੇ ਲਗਭਗ 80 ਲੱਖ ਸਿਹਤ ਬੀਮਾ ਕਾਰਡ ਜਾਰੀ ਕੀਤੇ ਜਾ ਚੁੱਕੇ ਹਨ। ਮੌਜੂਦਾ ਸਾਲ ਦੌਰਾਨ ਕੁੱਲ 200 ਕਰੋੜ ਰੁਪਏ ਦੀ ਅਦਾਇਗੀ ਸੂਚੀਬੱਧ ਪ੍ਰਾਈਵੇਟ ਅਤੇ ਸਰਕਾਰੀ ਹਸਪਤਾਲਾਂ ਨੂੰ ਕੀਤੀ ਜਾ ਚੁੱਕੀ ਹੈ। ਪੰਜਾਬ ਸਰਕਾਰ ਯੋਗ ਲਾਭਪਾਤਰੀ ਪਰਿਵਾਰਾਂ ਨੂੰ ਮੁਫ਼ਤ ਸਿਹਤ ਸੇਵਾਵਾਂ ਦੇਣ ਅਤੇ ਸਮੇਂ ਸਿਰ ਕਲੇਮਾਂ ਦੀ ਅਦਾਇਗੀ ਕਰਨ ਲਈ ਵਚਨਬੱਧ ਹੈ। ਯੋਗ ਲਾਭਪਾਤਰੀ ਆਪਣਾ ਕਾਰਡ ਬਣਵਾਉਣ ਦੇ ਲਈ ਨਜਦੀਕੀ ਸੂਚੀਬੱਧ/ਸਰਕਾਰੀ ਹਸਪਤਾਲ, ਸੀ.ਐੱਸ.ਸੀ. ਕੇਂਦਰ ਜਾਂ ਸੇਵਾ ਕੇਂਦਰ ਵਿਖੇ ਪਹੁੰਚ ਸਕਦੇ ਹਨ।

## ਐੱਮਸੀਡੀ. ਵਿਚ ਵੀ ਚੱਲਿਆ 'ਝਾੜੂ', 15 ਸਾਲ ਦੀ ਭਾਜਪਾ ਦੀ ਸੱਤਾ ਖੁੰਝੀ



ਨਵੀਂ ਦਿੱਲੀ, 7 ਦਸੰਬਰ (ਪੋਸਟ ਬਿਊਰੋ)- ਦਿੱਲੀ ਨਗਰ ਨਿਗਮ ਚੋਣਾਂ (ਐੱਮ.ਸੀ.ਡੀ. ਇਲੈਕਸ਼ਨ) ਵਿਚ ਆਮ ਆਦਮੀ ਪਾਰਟੀ (ਆਪ) ਨੂੰ ਬਹੁਮਤ ਮਿਲ ਗਿਆ ਹੈ। ਪਿਛਲੇ 15 ਸਾਲਾਂ ਤੋਂ ਦਿੱਲੀ ਨਗਰ ਨਿਗਮ 'ਤੇ ਭਾਜਪਾ ਦਾ ਰਾਜ ਸੀ, ਜਿਸ ਨੂੰ ਆਮ ਆਦਮੀ ਪਾਰਟੀ ਨੇ ਖੋਹ ਲਿਆ ਹੈ। ਆਮ ਆਦਮੀ ਪਾਰਟੀ (ਆਪ) ਨੇ 134 ਸੀਟਾਂ ਜਿੱਤੀਆਂ ਹਨ। ਦੂਜੇ ਨੰਬਰ 'ਤੇ ਭਾਜਪਾ ਹੈ, ਜਿਸ ਨੇ 104 ਸੀਟਾਂ ਜਿੱਤੀਆਂ ਹਨ। ਕਾਂਗਰਸ ਦੀ ਗੱਲ ਕਰੀਏ ਤਾਂ ਉਹ ਸਿਰਫ 9 ਸੀਟਾਂ ਹੀ ਜਿੱਤ ਸਕੀ ਹੈ। ਆਜ਼ਾਦ ਉਮੀਦਵਾਰਾਂ ਨੇ ਤਿੰਨ ਸੀਟਾਂ ਜਿੱਤੀਆਂ ਹਨ। ਮੁਸਲਿਮ ਬਹੁਲ ਖੇਤਰਾਂ ਵਿਚ ਕਾਂਗਰਸ ਨੇ ਚੰਗਾ ਪ੍ਰਦਰਸ਼ਨ ਕੀਤਾ ਹੈ। ਅਬੁਲ ਫਜ਼ਲ ਤੋਂ ਕਾਂਗਰਸ ਉਮੀਦਵਾਰ ਅਰੀਬਾ ਖਾਨ ਨੇ ਜਿੱਤ ਦਰਜ ਕੀਤੀ ਹੈ। ਉਸ ਦਾ ਪਿਤਾ ਆਸਿਫ ਖਾਨ ਚੋਣਾਂ ਦੌਰਾਨ ਪੁਲਿਸ ਮੁਲਾਜ਼ਮਾਂ ਨਾਲ ਦੁਰਵਿਵਹਾਰ ਕਰਨ ਦੇ ਮਾਮਲੇ ਵਿੱਚ ਜੇਲ੍ਹ ਵਿੱਚ ਹੈ। ਜਾਕਿਰ ਨਗਰ ਸੀਟ 'ਤੇ ਵੀ ਕਾਂਗਰਸ ਨੇ ਕਬਜਾ ਕਰ ਲਿਆ ਹੈ। ਆਮ ਆਦਮੀ ਪਾਰਟੀ ਦੇ ਉਮੀਦਵਾਰ ਬੌਬੀ ਕਿੰਨਰ ਨੇ ਸੁਲਤਾਨਪੁਰੀ ਏ ਵਾਰਡ ਤੋਂ ਚੋਣ ਜਿੱਤੀ ਹੈ। ਇਨ੍ਹਾਂ ਚੋਣਾਂ ਵਿਚ ਬੌਬੀ ਦੀ ਕਾਫੀ ਚਰਚਾ ਹੋਈ ਸੀ।

ਆਮ ਆਦਮੀ ਪਾਰਟੀ ਦੀ ਗੱਲ ਕਰੀਏ ਤਾਂ ਦਿੱਲੀ ਸਰਕਾਰ ਦੇ ਮੰਤਰੀ ਸਤੇਂਦਰ ਜੈਨ ਦੇ ਹਲਕੇ ਸ਼ਕੂਰਬਸਤੀ ਦੀਆਂ ਤਿੰਨੋਂ ਸੀਟਾਂ ਸਰਸਵਤੀ ਵਿਹਾਰ, ਪੱਛਮ ਵਿਹਾਰ ਅਤੇ ਰਾਣੀ ਬਾਗ 'ਤੇ ਭਾਜਪਾ ਨੇ ਜਿੱਤ ਹਾਸਲ ਕੀਤੀ ਹੈ।

ਨਤੀਜਿਆਂ 'ਤੇ ਪ੍ਰਤੀਕਿਰਿਆ ਦਿੰਦੇ ਹੋਏ, ਦਿੱਲੀ ਦੇ ਉਪ ਮੁੱਖ ਮੰਤਰੀ ਮਨੀਸ਼ ਸਿਸੋਦੀਆ ਨੇ ਟਵੀਟ ਕੀਤਾ, "ਦਿੱਲੀ ਵਿੱਚ ਆਮ ਆਦਮੀ ਪਾਰਟੀ 'ਤੇ ਭਰੋਸਾ ਕਰਨ ਲਈ ਦਿੱਲੀ ਦੇ ਲੋਕਾਂ ਦਾ ਦਿਲੋਂ ਧੰਨਵਾਦ। ਉਨ੍ਹਾਂ ਅੱਗੇ ਲਿਖਿਆ ਕਿ ਕੇਜਰੀਵਾਲ, ਜੋ ਦ੍ਰਿੜ, ਇਮਾਨਦਾਰ ਅਤੇ ਕੰਮ ਕਰਨ ਵਾਲੇ ਹਨ, ਨੇ ਜਿੱਤ ਪ੍ਰਾਪਤ ਕੀਤੀ ਹੈ। ਸਾਡੇ ਲਈ, ਇਹ ਸਿਰਫ ਇੱਕ ਜਿੱਤ ਨਹੀਂ ਹੈ, ਸਗੋਂ ਇੱਕ ਵੱਡੀ ਜ਼ਿੰਮੇਵਾਰੀ ਹੈ।"

ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨੇ ਐੱਮ.ਸੀ.ਡੀ. ਵਿਚ 'ਆਪ' ਦੀ ਜਿੱਤ 'ਤੇ ਦਿੱਲੀ ਦੇ ਲੋਕਾਂ ਨੂੰ ਵਧਾਈ ਦਿੱਤੀ ਹੈ। ਪਾਰਟੀ ਦਫਤਰ ਵਿਖੇ ਵਰਕਰਾਂ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਕਿਹਾ- ਦਿੱਲੀ ਦੀ ਜਨਤਾ ਨੇ ਦਿੱਲੀ ਦੀ ਸਫਾਈ ਅਤੇ ਭ੍ਰਿਸ਼ਟਾਚਾਰ ਖਤਮ ਕਰਨ ਦੀ ਜ਼ਿੰਮੇਵਾਰੀ ਆਪਣੇ ਪੁੱਤਰ ਅਤੇ ਭਰਾ ਨੂੰ ਸੌਂਪੀ ਹੈ। ਸਾਨੂੰ ਕੇਂਦਰ ਸਰਕਾਰ ਦੇ ਸਹਿਯੋਗ ਦੀ ਵੀ ਲੋੜ ਹੈ। ਪ੍ਰਧਾਨ ਮੰਤਰੀ ਦੇ ਆਸ਼ੀਰਵਾਦ ਦੀ ਵੀ ਲੋੜ ਹੈ।

ਐੱਮ.ਸੀ.ਡੀ. ਚੋਣਾਂ ਵਿਚ ਜਿੱਤ 'ਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਕਿਹਾ ਕਿ ਆਮ ਆਦਮੀ ਪਾਰਟੀ ਨੇ ਪਹਿਲਾਂ ਦਿੱਲੀ ਤੋਂ ਕਾਂਗਰਸ ਦੇ 15 ਸਾਲਾਂ ਦੇ ਸ਼ਾਸਨ ਨੂੰ ਉਖਾੜ ਦਿੱਤਾ ਸੀ, ਹੁਣ ਇਸ ਨੇ ਐੱਮ.ਸੀ.ਡੀ. ਤੋਂ ਭਾਜਪਾ ਦੇ 15 ਸਾਲਾਂ ਦੇ ਰਾਜ ਨੂੰ ਉਖਾੜ ਦਿੱਤਾ ਹੈ। ਭਾਵ ਨਫਰਤ ਦੀ ਰਾਜਨੀਤੀ ਨੂੰ ਲੋਕ ਪਸੰਦ ਨਹੀਂ ਕਰਦੇ। ਲੋਕ ਬਿਜਲੀ, ਸਫਾਈ, ਬੁਨਿਆਦੀ ਢਾਂਚੇ ਲਈ ਵੋਟ ਦਿੰਦੇ ਹਨ।

## ਫੌਜਾ ਸਿੰਘ ਸਰਾਰੀ ਨੇ ਹਥਿਆਰਬੰਦ ਸੈਨਾ ਝੰਡਾ ਦਿਵਸ ਮੌਕੇ ਸਹੀਦਾਂ ਨੂੰ ਸ਼ਰਧਾਂਜਲੀ ਭੇਂਟ ਕੀਤੀ

ਚੰਡੀਗੜ੍ਹ, 7 ਦਸੰਬਰ (ਪੋਸਟ ਬਿਊਰੋ): ਹਥਿਆਰਬੰਦ ਸੈਨਾ ਝੰਡਾ ਦਿਵਸ ਹਰ ਸਾਲ 7 ਦਸੰਬਰ ਨੂੰ ਮਨਾਇਆ ਜਾਂਦਾ ਹੈ। ਇਸ ਦਿਨ ਸਮੁੱਚੇ ਭਾਰਤ ਦੇ ਨਾਗਰਿਕ ਹਥਿਆਰਬੰਦ ਬਲਾਂ ਦਾ ਧੰਨਵਾਦ ਕਰਦੇ ਹਨ ਅਤੇ ਸ਼ਹੀਦਾਂ ਨੂੰ ਸ਼ਰਧਾਂਜਲੀ ਦਿੰਦੇ ਹਨ ਅਤੇ ਇਸ ਦੇ ਨਾਲ ਹੀ ਸਾਬਕਾ ਸੈਨਿਕਾਂ ਦੀਆਂ ਵਿਧਵਾਵਾਂ ਅਤੇ ਉਨ੍ਹਾਂ ਦੇ ਬੱਚਿਆਂ ਦੀ ਭਲਾਈ ਲਈ ਵਿੱਤੀ ਸਹਾਇਤਾ ਦਿੰਦੇ ਹਨ।

ਰੱਖਿਆ ਸੇਵਾਵਾਂ ਭਲਾਈ ਡਾਇਰੈਕਟੋਰੇਟ ਦੀ ਟੀਮ ਨੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਫੌਜਾ ਸਿੰਘ ਸਰਾਰੀ ਨੂੰ ਉਨ੍ਹਾਂ ਦੇ ਨਿਵਾਸ ਸਥਾਨ 'ਤੇ ਟੋਕਨ ਫਲੈਗ ਭੇਂਟ ਕੀਤਾ। ਮੰਤਰੀ ਨੇ ਝੰਡਾ ਦਿਵਸ ਫੰਡ ਵਿੱਚ ਦਾਨ ਵੀ ਕੀਤਾ ਅਤੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕੀਤੀ। ਸਰਾਰੀ ਨੇ ਦੇਸ਼ ਦੀ ਅਖੰਡਤਾ ਦੀ ਰਾਖੀ ਲਈ ਸੈਨਿਕਾਂ ਵੱਲੋਂ ਦਿੱਤੀਆਂ ਕੁਰਬਾਨੀਆਂ ਦੀ ਸ਼ਲਾਘਾ ਕੀਤੀ। ਉਨ੍ਹਾਂ ਇਹ ਵੀ ਹਦਾਇਤ ਕੀਤੀ ਕਿ ਸੈਨਿਕਾਂ, ਈਐੱਸਐੱਮ ਅਤੇ ਉਨ੍ਹਾਂ ਦੇ ਪਰਿਵਾਰਾਂ ਦੀ ਭਲਾਈ ਲਈ ਹਰ ਸੰਭਵ ਯਤਨ ਕੀਤੇ ਜਾਣ।

## ਹੈਦਰਾਬਾਦ ਵਿਚ ਮਨੁੱਖੀ ਤਸਕਰੀ ਵਿਚ ਸ਼ਾਮਲ ਗਿਰੋਹ ਦਾ ਪਰਦਾਫਾਸ, 18 ਲੋਕ ਗ੍ਰਿਫਤਾਰ



ਹੈਦਰਾਬਾਦ, 7 ਦਸੰਬਰ (ਪੋਸਟ ਬਿਊਰੋ)- ਤੇਲੰਗਾਨਾ ਦੀ ਰਾਜਧਾਨੀ ਹੈਦਰਾਬਾਦ ਵਿਚ ਪੁਲਸ ਨੇ ਮਨੁੱਖੀ ਤਸਕਰੀ ਵਿਚ ਸ਼ਾਮਲ ਇਕ ਗਿਰੋਹ ਦਾ ਪਰਦਾਫਾਸ ਕਰਦਿਆਂ 18 ਲੋਕਾਂ ਨੂੰ ਗ੍ਰਿਫਤਾਰ ਕੀਤਾ ਹੈ। ਸਾਈਬਰਾਬਾਦ ਪੁਲਸ ਨੇ ਮੰਗਲਵਾਰ ਨੂੰ ਇਹ ਜਾਣਕਾਰੀ ਦਿੱਤੀ।

ਪੁਲਸ ਅਨੁਸਾਰ ਇਸ ਗਰੋਹ ਦੇ ਮੈਂਬਰ ਕਥਿਤ ਤੌਰ 'ਤੇ ਪਿਛਲੇ ਕਈ ਸਾਲਾਂ ਦੌਰਾਨ 14,000 ਤੋਂ ਵੱਧ ਪੀੜਤਾਂ ਨੂੰ ਦੇਹ ਵਪਾਰ ਲਈ ਤਸਕਰੀ ਕਰਨ ਵਿਚ ਸ਼ਾਮਲ ਸਨ।

ਪੀੜਤਾਂ ਨੂੰ ਆਂਧਰਾ ਪ੍ਰਦੇਸ਼, ਤੇਲੰਗਾਨਾ, ਕਰਨਾਟਕ, ਦਿੱਲੀ, ਮੁੰਬਈ, ਕੋਲਕਾਤਾ, ਅਸਾਮ ਤੋਂ ਇਲਾਵਾ ਬੰਗਲਾਦੇਸ਼, ਨੇਪਾਲ, ਥਾਈਲੈਂਡ, ਉਜ਼ਬੇਕਿਸਤਾਨ, ਰੂਸ ਤੋਂ ਲਿਆਂਦਾ ਗਿਆ ਸੀ।

ਸਾਈਬਰਾਬਾਦ ਦੇ ਪੁਲਿਸ ਕਮਿਸ਼ਨਰ ਐਮ ਸਟੀਫਨ ਰਵਿੰ-ਦਰਾ ਨੇ ਕਿਹਾ ਕਿ ਮੁਲਜ਼ਮ ਔਰਤਾਂ ਨੂੰ ਖਰੀਦਦੇ ਸਨ ਅਤੇ ਵੈੱਬਸਾਈਟਾਂ 'ਤੇ ਇਸਤਿਹਾਰ ਦਿੰਦੇ ਸਨ, ਕਾਲ ਸੈਂਟਰਾਂ ਅਤੇ ਵਟਸਐਪ ਰਾਹੀਂ ਗਾਹਕਾਂ ਨਾਲ ਸੰਪਰਕ ਕਰਦੇ ਸਨ ਅਤੇ ਔਰਤਾਂ ਨੂੰ ਵੇਸਵਾਪੁਣੇ ਲਈ ਮਜਬੂਰ ਕਰਦੇ ਸਨ।

## ਅੱਜ ਦੱਖਣ ਭਾਰਤ ਦੇ ਰਾਜਾਂ ਵਿਚ ਦਸਤਕ ਦੇਵੇਗਾ ਚੱਕਰਵਾਤੀ ਤੂਫਾਨ 'ਮੰਡਸ'

* ਤਾਮਿਲਨਾਡੂ ਦੇ 13 ਜਿਲ੍ਹਿਆਂ ਵਿਚ ਰੈੱਡ ਅਲਰਟ

ਨਵੀਂ ਦਿੱਲੀ, 7 ਦਸੰਬਰ (ਪੋਸਟ ਬਿਊਰੋ)- ਤਾਮਿਲਨਾਡੂ ਵਿਚ ਇਕ ਵਾਰ ਫਿਰ ਮੀਂਹ ਤਬਾਹੀ ਮਚਾਉਣ ਵਾਲਾ ਹੈ। ਬੰਗਾਲ ਦੀ ਖਾੜੀ ਵਿਚ ਘੱਟ ਦਬਾਅ ਵਾਲਾ ਖੇਤਰ ਡੂੰਘੇ ਦਬਾਅ ਵਿਚ ਬਦਲ ਗਿਆ ਹੈ। ਅਜਿਹੇ ਵਿਚ ਬੁੱਧਵਾਰ ਸ਼ਾਮ ਨੂੰ ਸੰਯੁਕਤ ਅਰਬ ਅਮੀਰਾਤ ਵਲੋਂ ਦਿੱਤਾ ਗਿਆ ਨਾਮ 'ਮੰਡਸ' ਨਾਂ ਦੇ ਚੱਕਰਵਾਤੀ ਤੂਫਾਨ ਵਿਚ ਬਦਲ ਜਾਵੇਗਾ। ਇਹ ਤੂਫਾਨ ਅਗਲੇ ਦਿਨਾਂ ਤੱਕ ਉੱਤਰੀ ਤਾਮਿਲਨਾਡੂ, ਪੁਡੂਚੇਰੀ ਅਤੇ ਨਾਲ ਲੱਗਦੇ ਦੱਖਣੀ ਆਂਧਰਾ ਪ੍ਰਦੇਸ ਦੇ ਤੱਟਾਂ ਤੇ ਪਹੁੰਚ ਜਾਵੇਗਾ, ਜਿਸ ਨਾਲ ਭਾਰੀ ਬਾਰਿਸ ਹੋਵੇਗੀ। ਭਾਰਤੀ ਮੌਸਮ ਵਿਭਾਗ ਨੇ ਇਸ ਹਫਤੇ ਤਾਮਿਲਨਾਡੂ ਦੇ 13 ਜਿਲ੍ਹਿਆਂ ਲਈ ਰੈੱਡ ਅਲਰਟ ਜਾਰੀ ਕੀਤਾ ਹੈ। ਮੌਸਮ ਵਿਭਾਗ ਨੇ ਦੱਖਣ-ਪੂਰਬੀ ਬੰਗਾਲ ਦੀ ਖਾੜੀ 'ਤੇ ਘੱਟ ਦਬਾਅ ਦੇ ਬਣਨ ਤੋਂ ਬਾਅਦ ਭਾਰੀ ਮੀਂਹ ਦੀ ਭਵਿੱਖਬਾਣੀ ਕੀਤੀ ਹੈ।

ਮੌਸਮ ਵਿਭਾਗ ਅਨੁਸਾਰ ਤਾਮਿਲਨਾਡੂ ਦੇ ਉੱਤਰੀ ਤੱਟੀ ਜਿਲ੍ਹਿਆਂ ਵਿੱਚ ਅਗਲੇ ਤਿੰਨ ਦਿਨਾਂ ਤੱਕ ਭਾਰੀ ਮੀਂਹ ਪੈਣ ਦੀ ਸੰਭਾਵਨਾ ਹੈ। ਸੂਬਾ ਸਰਕਾਰ ਨੇ ਕਿਸੇ ਵੀ ਐਮਰਜੈਂਸੀ ਨਾਲ ਨਜਿੱਠਣ ਲਈ ਆਪਣੀ ਪੂਰੀ ਮਸ਼ੀਨਰੀ ਤਿਆਰ ਕਰ ਲਈ ਹੈ। ਸੂਬੇ ਦੇ ਸਾਰੇ ਜ਼ਿਲਾ ਕੁਲੈਕਟਰਾਂ ਨੂੰ ਤਿਆਰ ਰਹਿਣ ਦੇ ਨਿਰਦੇਸ਼ ਦਿੱਤੇ ਗਏ ਹਨ। ਨੈਸ਼ਨਲ ਡਿਜ਼ਾਸਟਰ ਰਿਸਪਾਂਸ ਫੋਰਸ (ਐੱਨ.ਡੀ.ਆਰ.ਐੱਫ.) ਦੀਆਂ ਟੀਮਾਂ 6 ਜਿਲ੍ਹਿਆਂ ਵਿੱਚ ਤਾਇਨਾਤ ਕੀਤੀਆਂ ਗਈਆਂ ਹਨ।

## ਕਾਂਗੋ ਵਿਚ ਹਮਲਾਵਰਾਂ ਹਸਪਤਾਲ ਤੇ ਚਰਚਾਂ ਵਿਚ 272 ਲੋਕਾਂ ਨੂੰ ਮਾਰਿਆ

ਕਾਂਗੋ, 7 ਦਸੰਬਰ (ਪੋਸਟ ਬਿਊਰੋ)- ਅਫਰੀਕੀ ਦੇਸ਼ ਡੀਆਰ ਕਾਂਗੋ ਨੇ ਕਿਹਾ ਹੈ ਕਿ ਪਿਛਲੇ ਹਫਤੇ ਪੂਰਬੀ ਸ਼ਹਿਰ ਕਿਸੀਸੀ ਵਿਚ ਹੋਏ ਕਤਲੇਆਮ ਵਿਚ ਮਾਰੇ ਗਏ ਨਾਗਰਿਕਾਂ ਦੀ ਗਿਣਤੀ 50 ਤੋਂ ਵਧ ਕੇ 272 ਹੋ ਗਈ ਹੈ। ਮਰਨ ਵਾਲਿਆਂ ਦਾ ਇਹ ਨਵਾਂ ਅੰਕੜਾ ਉਦਯੋਗ ਮੰਤਰੀ ਜੂਲੀਅਨ ਪਾਲੂਕੂ ਨੇ ਦੱਸਿਆ ਹੈ। ਜੋਅ ਸਰਕਾਰ ਦੇ ਬੁਲਾਰੇ ਪੈਟਰਿਕ ਮੁਈਆ ਨਾਲ ਇਕ ਪ੍ਰੈਸ ਬ੍ਰੀਫਿੰਗ ਵਿਚ ਬੋਲ ਰਹੇ ਸਨ। ਮੁਈਆ ਨੇ ਕਿਹਾ, 'ਮੈਂ ਹਮਲੇ ਦਾ ਵੇਰਵਾ ਨਹੀਂ ਦੇ ਸਕਦਾ। ਅਟਾਰਨੀ ਜਨਰਲ ਨੇ ਜਾਂਚ ਸ਼ੁਰੂ ਕਰ ਦਿੱਤੀ ਹੈ ਅਤੇ ਅਸੀਂ ਜਾਂਚਕਰਤਾਵਾਂ ਦੇ ਨਤੀਜਿਆਂ ਦੀ ਉਡੀਕ ਕਰ ਰਹੇ ਹਾਂ। ਸਾਨੂੰ ਜੋ ਪਤਾ ਲੱਗਾ ਹੈ ਉਹ ਇਹ ਹੈ ਕਿ ਚਰਚ ਅਤੇ ਹਸਪਤਾਲ ਵਿਚ ਬੱਚੇ ਮਾਰੇ ਗਏ ਹਨ। ਸਰਕਾਰ ਨੇ ਇਸ ਕਤਲੇਆਮ ਲਈ ਬਾਗੀ ਸਮੂਹ 23 ਨੂੰ ਜ਼ਿੰਮੇਵਾਰ ਠਹਿਰਾਇਆ। ਹਾਲਾਂਕਿ, ਸਮੂਹ ਨੇ ਹਮਲੇ ਦੀ ਜ਼ਿੰਮੇਵਾਰੀ ਲੈਣ ਤੋਂ ਇਨਕਾਰ ਕਰ ਦਿੱਤਾ ਹੈ। ਉਸ ਨੇ ਕਿਹਾ ਹੈ ਕਿ ਉਸ 'ਤੇ ਨਾਗਰਿਕਾਂ ਨੂੰ ਨਿਸ਼ਾਨਾ ਬਣਾਉਣ ਦੇ ਦੋਸ਼ ਬੇਬੁਨਿਆਦ ਹਨ।

ਸੰਯੁਕਤ ਰਾਸ਼ਟਰ ਨੇ ਪਿਛਲੇ ਹਫਤੇ ਕਿਹਾ ਸੀ ਕਿ ਉਸ ਨੂੰ 23 ਅਤੇ ਸਥਾਨਕ ਲੜਾਕਿਆਂ ਵਿਚਾਲੇ ਹੋਈਆਂ ਝੜਪਾਂ ਵਿਚ ਵੱਡੀ ਗਿਣਤੀ 'ਚ ਨਾਗਰਿਕਾਂ ਦੀ ਮੌਤ ਦੀ ਸੂਚਨਾ ਵੀ ਮਿਲੀ ਸੀ। ਇਹ ਝੜਪਾਂ 29 ਨਵੰਬਰ ਨੂੰ ਹੋਈਆਂ ਸਨ। ਪਰ ਏਜੰਸੀ ਨੇ ਮ੍ਰਿਤਕਾਂ ਦੇ ਅੰਕੜੇ ਬਾਰੇ ਨਹੀਂ ਦੱਸਿਆ। ਡੀਆਰਸੀ ਵਿੱਚ ਸੰਯੁਕਤ ਰਾਸ਼ਟਰ ਸ਼ਾਂਤੀ ਰੱਖਿਅਕ ਮਿਸ਼ਨ ਨੇ ਪਿਛਲੇ ਹਫਤੇ ਅੱਤਿਆਚਾਰਾਂ ਦੀਆਂ ਰਿਪੋਰਟਾਂ ਦੀ ਨਿੰਦਾ ਕੀਤੀ ਹੈ। ਇਸ ਵਿਚ ਕਿਹਾ ਗਿਆ ਸੀ ਕਿ ਜੇਕਰ ਅਜਿਹੇ ਮਾਮਲਿਆਂ ਦੀ ਪੁਸ਼ਟੀ ਹੋ ਜਾਂਦੀ ਹੈ, ਤਾਂ ਉਨ੍ਹਾਂ ਨੂੰ "ਅੰਤਰਰਾਸ਼ਟਰੀ ਮਾਨਵਤਾਵਾਦੀ ਕਾਨੂੰਨ ਦੇ ਤਹਿਤ ਅਪਰਾਧ" ਮੰਨਿਆ ਜਾ ਸਕਦਾ ਹੈ। ਮਿਸ਼ਨ ਨੇ ਟਵਿੱਟਰ 'ਤੇ ਲਿਖਿਆ, 'ਅਸੀਂ ਇਨ੍ਹਾਂ ਘਿਨਾਉਣੀਆਂ ਘਟਨਾਵਾਂ ਦੀ ਨਿੰਦਾ ਕਰਦੇ ਹਾਂ ਅਤੇ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਬਿਨਾਂ ਦੇਰੀ ਜਾਂਚ ਕੀਤੀ ਜਾਵੇ ਅਤੇ ਦੋਸ਼ੀਆਂ ਨੂੰ ਕਾਨੂੰਨ ਦੇ ਕਟਹਿਰੇ ਵਿਚ ਲਿਆਂਦਾ ਜਾਵੇ।

## ਕਿੰਗ ਚਾਰਲਸ ਨੇ ਕੀਤਾ ਗੁਰਦੁਆਰਾ ਸਾਹਿਬ ਦਾ ਦੌਰਾ, ਕੋਵਿਡ ਦੌਰਾਨ ਸੇਵਾਵਾਂ ਲਈ ਸਿੱਖ ਭਾਈਚਾਰੇ ਦੀ ਕੀਤੀ ਸ਼ਲਾਘਾ





ਲੰਡਨ, 7 ਦਸੰਬਰ (ਪੋਸਟ ਬਿਊਰੋ)- ਬ੍ਰਿਟੇਨ ਦੀ ਵਿਭਿੰਨਤਾ ਦਾ ਸੰਦੇਸ਼ ਦਿੰਦਿਆਂ ਕਿੰਗ ਚਾਰਲਸ ਨੇ ਲੰਡਨ ਤੋਂ ਬਿਲਕੁਲ ਬਾਹਰ ਲੂਟਨ ਸ਼ਹਿਰ ਵਿਚ ਇੱਕ ਨਵੇਂ ਬਣੇ ਗੁਰਦੁਆਰਾ ਸਾਹਿਬ ਵਿੱਚ ਅਰਦਾਸ ਕੀਤੀ ਅਤੇ ਸ਼ਰਧਾਲੂਆਂ ਨਾਲ ਮੁਲਾਕਾਤ ਕੀਤੀ। ਯੂਨੀਅਨ ਜੈਕ ਅਤੇ ਸਿੱਖ ਝੰਡੇ 'ਨਿਸ਼ਾਨ ਸਾਹਿਬ' ਫੜ੍ਹ ਕੇ ਉਨ੍ਹਾਂ ਦੇ ਸਵਾਗਤ ਲਈ ਸਾਰੇ ਧਰਮਾਂ ਦੇ ਬੱਚੇ ਹਾਜ਼ਰ ਸਨ।

ਸ਼ਾਹੀ ਪਰਿਵਾਰ ਦੇ ਅਧਿਕਾਰੀਆਂ ਦੁਆਰਾ ਸੋਸ਼ਲ ਮੀਡੀਆ ਪੋਸਟਾਂ ਵਿਚ ਕਿਹਾ ਗਿਆ ਹੈ ਕਿ ਬਾਦਸ਼ਾਹ ਨੇ ਲੂਟਨ ਸਿੱਖ ਸੂਪ ਕਿਚਨ ਸਟੈਂਡ ਚਲਾਉਣ ਵਾਲੇ ਵਲੰਟੀਅਰਾਂ ਨਾਲ ਵੀ ਮੁਲਾਕਾਤ ਕੀਤੀ, ਜੋ ਕਿ ਗੁਰ-ਦੁਆਰੇ ਵਿਚ "ਹਫਤੇ ਵਿਚ ਸੱਤ ਦਿਨ, ਸਾਲ ਵਿਚ 365 ਦਿਨ ਸ਼ਾਕਾਹਾਰੀ ਗਰਮ ਭੋਜਨ ਪ੍ਰਦਾਨ ਕਰਦਾ ਹੈ। "

ਉਨ੍ਹਾਂ ਨੇ ਪਿਛਲੇ ਲਗਭਗ ਤਿੰਨ ਸਾਲਾਂ ਵਿਚ ਕੋਵਿਡ ਮਹਾਂਮਾਰੀ ਦੌਰਾਨ ਕਮਿਊਨਿਟੀ ਵਲੋਂ ਕੀਤੀਆਂ ਸੇਵਾਵਾਂ ਦੀ ਸ਼ਲਾਘਾ ਕੀਤੀ। ਸ਼ਾਹੀ ਪਰਿਵਾਰ ਦੀ ਇੰਸਟਾਗ੍ਰਾਮ ਪੋਸਟ ਨੇ ਕਿਹਾ ਕਿ ਇਹ ਇਕ ਪੌਪ-ਅਪ ਕੋਵਿਡ ਵੈਕਸੀਨ ਕਲੀਨਿਕ ਚਲਾਉਂਦੇ ਹਨ, ਯੂ.ਕੇ. ਵਿਚ ਆਪਣੀ ਕਿਸਮ ਦਾ ਪਹਿਲਾ ਹੈ। ਅੱਗੇ ਕਿਹਾ ਗਿਆ ਕਿ ਗੁਰਦੁਆਰੇ ਨੇ ਵੈਕਸੀਨ ਬਾਰੇ ਗਲਤ ਜਾਣਕਾਰੀ ਨਾਲ ਨਜਿੱਠਣ ਲਈ ਹੋਰ ਧਾਰਮਿਕ ਸਥਾਨਾਂ ਨੂੰ ਉਤਸਾਹਿਤ ਕੀਤਾ।"

ਬਰਤਾਨੀਆ ਵਿਚ 5 ਲੱਖ ਤੋਂ ਵੱਧ ਸਿੱਖ ਹਨ, ਜੋ ਦੇਸ ਦੀ ਆਬਾਦੀ ਦਾ ਲਗਭਗ 1 ਫੀਸਦੀ ਹੈ। ਬਰਤਾਨੀਆ ਦੀ ਪਾਰਲੀਮੈਂਟ ਵਿੱਚ ਬਹੁਤ ਸਾਰੇ ਸਿੱਖ ਮੈਂਬਰ ਵੀ ਹਨ।

## ਤਾਲਿਬਾਨ ਨੇ ਕਤਲ ਦੇ ਦੋਸ਼ੀਆਂ ਨੂੰ ਜਨਤਕ ਤੌਰ 'ਤੇ ਫਾਂਸੀ ਦਿੱਤੀ, ਅਫਗਾਨਿਸਤਾਨ 'ਤੇ ਕਬਜੇ ਤੋਂ ਬਾਅਦ ਪਹਿਲਾ ਮਾਮਲਾ

ਕਾਬੁਲ, 7 ਦਸੰਬਰ (ਪੋਸਟ ਬਿਊਰੋ)- ਅਫਗਾਨਿਸਤਾਨ ਦੀ ਤਾਲਿਬਾਨ ਸਰਕਾਰ ਨੇ ਬੁੱਧਵਾਰ ਨੂੰ ਸਟੇਡੀਅਮ ਵਿਚ ਕਤਲ ਦੇ ਦੋਸ਼ੀ ਨੂੰ ਜਨਤਕ ਤੌਰ 'ਤੇ ਮੌਤ ਦੇ ਘਾਟ ਉਤਾਰ ਦਿੱਤਾ। ਅਗਸਤ, 2021 ਵਿਚ ਅਫਗਾਨਿਸਤਾਨ ਵਿਚ ਤਾਲਿਬਾਨ ਦੇ ਸ਼ਾਸਨ ਤੋਂ ਬਾਅਦ ਇਹ ਪਹਿਲਾ ਮੌਕਾ ਹੈ, ਜਦੋਂ ਕਿਸੇ ਵਿਅਕਤੀ ਨੂੰ ਜਨਤਕ ਤੌਰ 'ਤੇ ਮੌਤ ਦੀ ਸਜਾ ਦਿੱਤੀ ਗਈ ਹੈ। ਤਾਲਿਬਾਨ ਅਧਿਕਾਰੀ ਮੁਤਾਬਕ ਇਹ ਸਜਾ ਸ਼ਰੀਆ ਕਾਨੂੰਨ ਤਹਿਤ ਦਿੱਤੀ ਗਈ ਹੈ। ਦੋਸੀ ਨੂੰ ਸੜਕ ਦੇ ਵਿਚਕਾਰ ਲਟਕਾ ਦਿੱਤਾ ਗਿਆ।

ਅਫਗਾਨਿਸਤਾਨ ਦੇ ਇਸਲਾਮਿਕ ਅਮੀਰਾਤ (ਆਈ. ਈ. ਏ.) ਦੇ ਚੋਟੀ ਦੇ ਬੁਲਾਰੇ ਜਬੀਹੁੱਲ੍ਹਾ ਮੁਜਾਹਿਦ ਮੁਤਾਬਕ ਦੋਸ਼ੀ ਨੂੰ ਪੱਛਮੀ ਫਰਾਹ ਸੂਬੇ 'ਚ ਸੈਂਕੜੇ ਦਰਸ਼ਕਾਂ ਅਤੇ ਸੂਬੇ ਸਮੇਤ ਕਈ ਚੋਟੀ ਦੇ ਤਾਲਿਬਾਨ ਅਧਿਕਾਰੀਆਂ ਦੇ ਸਾਹਮਣੇ ਫਾਂਸੀ ਦਿੱਤੀ ਗਈ। ਮੁਜਾਹਿਦ ਨੇ ਦੇਸ਼ ਦੀਆਂ ਤਿੰਨ ਉੱਚ ਅਦਾਲਤਾਂ ਅਤੇ ਤਾਲਿਬਾਨ ਦੇ ਸਰਵਉੱਚ ਨੇਤਾ ਮੁੱਲਾ ਹੈਬਤੁੱਲਾ ਅਖੁੰਦਜਾਦਾ ਦੀ ਮਨਜੂਰੀ ਤੋਂ ਬਾਅਦ ਕਿਹਾ, "ਸਜਾ ਦਾ ਫੈਸਲਾ ਬਹੁਤ ਧਿਆਨ ਨਾਲ ਲਿਆ ਗਿਆ ਸੀ।"

ਫਾਂਸੀ ਦਿੱਤੇ ਗਏ ਵਿਅਕਤੀ ਦੀ ਪਛਾਣ ਹੇਰਾਤ ਸੂਬੇ ਦੇ ਤਾਜਮੀਰ ਵਜੋਂ ਹੋਈ ਹੈ। ਉਸ ਨੂੰ ਪੰਜ ਸਾਲ ਪਹਿਲਾਂ ਇਕ ਹੋਰ ਵਿਅਕਤੀ ਦੀ ਹੱਤਿਆ ਕਰਨ ਅਤੇ ਉਸ ਦਾ ਮੋਟਰਸਾਈਕਲ ਅਤੇ ਮੋਬਾਈਲ ਫੋਨ ਚੋਰੀ ਕਰਨ ਦਾ ਦੋਸੀ ਠਹਿਰਾਇਆ ਗਿਆ ਸੀ। ਬੁਲਾਰੇ ਮੁਜਾਹਿਦ ਦੇ ਇੱਕ ਬਿਆਨ ਵਿੱਚ ਕਿਹਾ ਗਿਆ ਹੈ ਕਿ ਤਾਜਮੀਰ ਨੂੰ ਤਾਲਿਬਾਨ ਸੁਰੱਖਿਆ ਬਲਾਂ ਨੇ ਗ੍ਰਿਫਤਾਰ ਕਰ ਲਿਆ ਸੀ ਜਦੋਂ ਪੀੜਤ ਪਰਿਵਾਰ ਨੇ ਉਸ ਉੱਤੇ ਅਪਰਾਧ ਦਾ ਦੋਸ ਲਗਾਇਆ ਸੀ। ਬਿਆਨ ਵਿਚ ਇਹ ਨਹੀਂ ਦੱਸਿਆ ਗਿਆ ਕਿ ਗ੍ਰਿਫਤਾਰੀ ਕਦੋਂ ਹੋਈ, ਪਰ ਤਜਮੀਰ ਨੇ ਕਥਿਤ ਤੌਰ 'ਤੇ ਕਤਲ ਦਾ ਇਕਬਾਲ ਕੀਤਾ ਹੈ।

